ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 31 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਖ਼ੁਸ਼ੀਆਂ ਵਾਲੇ ਘਰ ਪਏ ਕੀਰਨੇ

## ਕੇਕ ਖਾਣ ਨਾਲ 10 ਸਾਲਾ ਬੱਚੀ ਦੀ ਹੋਈ ਮੌਤ, ਪਰਿਵਾਰ ਨੇ ਕੀਤੀ ਇਨਸਾਫ਼ ਦੀ ਮੰਗ

ਪਟਿਆਲਾ, 30 ਮਾਰਚ (ਆਵਾਜ਼ਿ ਕੌਮ ਬਿਊਰੋ)– ਪਟਿਆਲਾ ਵਿੱਚ ਰਹਿਣ ਵਾਲੀ 10 ਸਾਲਾ ਬੱਚੀ ਦੀ ਕੇਕ ਖਾਣ ਖਾਣ ਤੋਂ ਬਾਅਦ ਮੌਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਦੱਸ ਦਈਏ ਕਿ ਪਟਿਆਲਾ ਵਿੱਚ ਰਹਿਣ ਵਾਲੇ ਪਰਿਵਾਰ ਦੀ ਖ਼ੁਸ਼ੀਆਂ ਉਸ ਵੇਲੇ ਮਾਤਮ ਵਿੱਚ ਬਦਲ ਗਈਆਂ, ਜਦੋਂ 10 ਸਾਲਾ ਬੱਚੀ ਮਾਨਵੀ ਦੀ ਕੇਕ ਖਾਣ ਤੋਂ ਬਾਅਦ ਮੌਤ ਹੋ ਗਈ ਹੈ। ਪਰਿਵਾਰ ਵਾਲਿਆਂ ਦਾ ਕਹਿਣਾ ਕਿ ਉਨ੍ਹਾਂ ਨੇ ਆਨਲਾਈਨ ਕੇਕ ਮੰਗਵਾਇਆ ਸੀ, ਜਿਸ ਤੋਂ ਬਾਅਦ ਉਨ੍ਹਾਂ ਨੇ ਕੇਕ ਕੱਟਿਆ। ਅਗਲੇ ਦਿਨ ਸਵੇਰੇ ਮਾਨਵੀ ਨੂੰ ਉਲਟੀਆਂ ਆਉਣੀਆਂ ਸ਼ੁਰੂ ਹੋ ਗਈਆਂ, ਇਸ ਤੋਂ ਬਾਅਦ ਉਸ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਪੁਲਿਸ ਵੱਲੋਂ FIR ਜ਼ਰੂਰ ਦਰਜ ਕੀਤੀ ਗਈ ਹੈ ਪਰ ਸਿਹਤ ਵਿਭਾਗ ਵੱਲੋਂ ਹਾਲੇ ਤੱਕ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਇਸ ਕਰਕੇ ਪਰਿਵਾਰਿਕ ਮੈਂਬਰ ਸਿਹਤ ਵਿਭਾਗ ਤੋਂ ਕਾਫ਼ੀ ਨਰਾਜ਼ ਨਜ਼ਰ ਆ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਿਹਤ ਵਿਭਾਗ ਨੇ ਉਨ੍ਹਾਂ ਦੀ ਕੋਈ ਵੀ ਗੱਲ ਨਹੀਂ ਸੁਣੀ। ਪਰਿਵਾਰ ਵਾਲਿਆਂ ਦਾ ਕਹਿਣਾ ਹੈ ਕਿ ਜਿਸ ਨੇ ਕੇਕ ਭੇਜਿਆ ਹੈ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ।

## ਚੰਡੀਗੜ੍ਹ 'ਚ 3 ਸ਼ਰਾਬ ਕੰਪਨੀਆਂ 'ਤੇ ਛਾਪੇਮਾਰੀ, ਸ਼ਰਾਬ ਤਸਕਰੀ ਦੇ ਦੋਸ਼

ਚੰਡੀਗੜ੍ਹ, 30 ਮਾਰਚ (ਆਵਾਜ਼ਿ ਕੌਮ ਬਿਊਰੋ)– ਜਿਵੇਂ–ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ ਉਵੇਂ ਹੀ ਇਸ ਨੂੰ ਦੇਖਦੇ ਹੋਏ ਚੰਡੀਗੜ੍ਹ ਪੁਲਿਸ ਨੇ ਵੀ ਪੂਰੀ ਚੌਕਸੀ ਵਰਤਣੀ ਸ਼ੁਰੂ ਕਰ ਦਿੱਤੀ ਹੈ, ਜਿਸ ਕਾਰਨ ਪੁਲਿਸ ਪੂਰੀ ਐਕਸ਼ਨ ਦੇ ਮੋਡ 'ਚ ਹੈ ਅਤੇ ਸ਼ਨੀਵਾਰ ਨੂੰ ਚੰਡੀਗੜ੍ਹ ਪੁਲਿਸ ਦੀ ਟੀਮ ਨੇ ਸ਼ਿਵਾਲਿਕ ਬੇਵਰੇਜ ਪ੍ਰਾਈਵੇਟ ਲਿਮਟਿਡ ਪਲਾਂਟ, ਕੁਈਨ ਡਿਸਟਿਲਰੀਜ਼ ਅਤੇ ਬੋਟਲਰਜ਼ 'ਤੇ ਛਾਪੇਮਾਰੀ ਕੀਤੀ। ਲਿਮਟਿਡ ਬੋਟਲਿੰਗ ਪਲਾਂਟ ਅਤੇ ਜ਼ੰਨਤ ਡਿਸਟਿਲਰੀਜ਼ ਪ੍ਰਾਈਵੇਟ ਲਿਮਟਿਡ ਬੋਟਲਿੰਗ ਪਲਾਂਟ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸ਼ਨੀਵਾਰ ਸਵੇਰੇ ਐੱਸਐੱਚਓ ਜਸਪਾਲ ਸਿੰਘ ਭੁੱਲਰ ਦੀ ਅਗਵਾਈ ਵਿੱਚ ਚੰਡੀਗੜ੍ਹ ਪੁਲਿਸ ਦੀ ਟੀਮ ਨੇ ਤਿੰਨਾਂ ਕੰਪਨੀਆਂ ਦੇ ਰਿਕਾਰਡ ਦੀ ਤਲਾਸ਼ੀ ਲਈ ਤਾਂ ਇਨ੍ਹਾਂ ਤਿੰਨਾਂ ਕੰਪਨੀਆਂ 'ਤੇ ਬਿਹਾਰ ਵਰਗੇ ਪਾਬੰਦੀਸ਼ੁਦਾ ਰਾਜਾਂ ਵਿੱਚ ਬਿਨਾਂ ਪਰਮਿਟ ਅਤੇ ਆਬਕਾਰੀ ਟੈਕਸ ਅਦਾ ਕੀਤੇ ਗੈਰ–ਕਾਨੂੰਨੀ ਢੰਗ ਨਾਲ ਸ਼ਰਾਬ ਦੀ ਤਸਕਰੀ ਕਰਨ ਦਾ ਦੋਸ਼ ਹੈ। ਇਸ ਤਹਿਤ ਇੰਡਸਟਰੀਅਲ ਏਰੀਆ ਫੇਜ਼ 1 ਵਿੱਚ ਤਿੰਨ ਕੰਪਨੀਆਂ ਦੇ ਸੰਚਾਲਕਾਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਸੀ। ਚੰਡੀਗੜ੍ਹ ਪੁਲੀਸ ਨੂੰ ਸ਼ੱਕ ਹੈ ਕਿ ਤਿੰਨਾਂ ਕੰਪਨੀਆਂ ਦੇ ਸੰਚਾਲਕਾਂ ਵੱਲੋਂ ਸ਼ਰਾਬ ਦੀ ਗੈਰ–ਕਾਨੂੰਨੀ ਸਪਲਾਈ ਵਿੱਚ ਐਕਸਾਈਜ਼ ਅਧਿਕਾਰੀ, ਟਰਾਂਸਪੋਰਟਰ ਅਤੇ ਹੋਰ ਕਈ ਲੋਕ ਸ਼ਾਮਲ ਹੋ ਸਕਦੇ ਹਨ। ਚੰਡੀਗੜ੍ਹ ਪੁਲੀਸ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਜਾਂਚ ਦੌਰਾਨ ਕੁਝ ਦਸਤਾਵੇਜ਼ ਵੀ ਬਰਾਮਦ ਕੀਤੇ ਹਨ, ਜਿਨ੍ਹਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਜੇਕਰ ਜਾਂਚ ਦੌਰਾਨ ਸ਼ਰਾਬ ਤਸਕਰੀ ਦਾ ਮਾਮਲਾ ਸਾਹਮਣੇ ਆਇਆ ਤਾਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਭਗਵੰਤ ਮਾਨ ਸਰਕਾਰ ਖ਼ਿਲਾਫ਼ ਕਿਉਂ ਚੜ੍ਹਿਆ ਕਿਸਾਨਾਂ ਦਾ ਪਾਰਾ ?

## ਆਪ ਸਰਕਾਰ ਵਿਰੁੱਧ ਖੁੱਲ੍ਹਿਆ ਨਵਾਂ ਮੋਰਚਾ

■ ਖੇਤੀ ਕਾਨੂੰਨ ਵਿੱਚ ਵੀ ਮੰਡੀਆਂ ਨੂੰ ਕਾਰਪੋਰੇਟ ਯਾਰਡਾਂ ਵਿੱਚ ਤਬਦੀਲ ਕਰਨ ਦੀ ਗੱਲ ਕਹੀ ਗਈ ਸੀ। ਹੁਣ ਅਜਿਹਾ ਹੀ ਕੀਤਾ ਜਾ ਰਿਹਾ ਹੈ। 2023-24 ਲਈ ਕਣਕ ਖਰੀਦਣ, ਵੇਚਣ ਅਤੇ ਸਟੋਰ ਕਰਨ ਦਾ ਫੈਸਲਾ ਕਾਰਪੋਰੇਟ ਨੂੰ ਦਿੱਤਾ ਗਿਆ ਹੈ। ਇਸ ਦਾ ਵਿਰੋਧ ਹੋਵੇਗਾ..



ਚੰਡੀਗੜ੍ਹ, 30 ਮਾਰਚ (ਆਵਾਜ਼ਿ ਕੌਮ ਬਿਊਰੋ)– ਕੇਂਦਰ ਦੀ ਮੋਦੀ ਸਰਕਾਰ ਤੋਂ ਆਪਣੀਆਂ ਮੰਗਾਂ ਪੂਰੀਆਂ ਕਰਵਾਉਣ ਲਈ ਕਿਸਾਨ ਅਜੇ ਵੀ ਹਰਿਆਣਾ ਦੀ ਸਰਹੱਦ 'ਤੇ ਖੜ੍ਹੇ ਹਨ। ਇਸ ਦੇ ਨਾਲ ਹੀ ਹੁਣ ਅੰਮ੍ਰਿਤਸਰ 'ਚ ਕਿਸਾਨਾਂ ਨੇ ਸੂਬੇ ਦੀ ਭਗਵੰਤ ਮਾਨ ਸਰਕਾਰ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ। ਆਈਏਐਨਐਸ ਦੀ ਰਿਪੋਰਟ ਅਨੁਸਾਰ ਅੰਮ੍ਰਿਤਸਰ ਦੇ ਗੋਲਡਨ ਗੇਟ ਨੇੜੇ ਸ਼ਨੀਵਾਰ ਨੂੰ ਕਿਸਾਨਾਂ ਨੇ ਭਗਵੰਤ ਮਾਨ ਸਰਕਾਰ ਦੇ ਖਿਲਾਫ ਪ੍ਰਦਰਸ਼ਨ ਕੀਤਾ ਤੇ ਪੁਤਲਾ ਫੂਕਿਆ। ਉਥੇ ਮੌਜੂਦ ਕਿਸਾਨ ਆਗੂ ਨੇ ਕਿਹਾ ਕਿ ਉਨ੍ਹਾਂ ਦਾ ਅੰਦੋਲਨ ਨਾ ਸਿਰਫ ਮੋਦੀ ਸਰਕਾਰ ਦੇ ਖਿਲਾਫ ਜਾ ਰਿਹਾ ਹੈ ਸਗੋਂ ਉਹ ਭਗਵੰਤ ਮਾਨ ਸਰਕਾਰ ਦੀ ਤਾਨਾਸ਼ਾਹੀ ਦਾ ਵੀ ਡਟ ਕੇ ਮੁਕਾਬਲਾ ਕਰਨਗੇ। ਦਰਅਸਲ, ਇਹ ਸਾਰਾ ਮਾਮਲਾ ਮਾਰਕੀਟ ਕਮੇਟੀ ਨਾਲ ਸਬੰਧਤ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਭਗਵੰਤ ਮਾਨ ਸਰਕਾਰ ਨੇ 26 ਮਾਰਕੀਟ ਕਮੇਟੀਆਂ ਨੂੰ ਭੰਗ ਕਰਨ ਦਾ ਫੈਸਲਾ ਕੀਤਾ ਹੈ ਜੋ ਕਿਸਾਨਾਂ–ਮਜ਼ਦੂਰਾਂ ਦੇ ਵਿਰੋਧੀ ਹਨ। ਇੱਕ ਕਿਸਾਨ ਨੇ ਦੱਸਿਆ ਕਿ ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਭਗਵੰਤ ਮਾਨ ਸਰਕਾਰ ਦਾ ਪਿੱਟ ਸਿਆਪਾ ਕਰ ਰਹੀ ਹੈ ਕਿਉਂਕਿ ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਕਿਹਾ ਕਿ ਕੱਲ੍ਹ ਸਾਡੇ ਕਿਸਾਨਾਂ ਦੀਆਂ 26 ਮਾਰਕੀਟ ਕਮੇਟੀਆਂ ਤੋੜ ਦਿੱਤੀਆਂ ਗਈਆਂ ਹਨ। ਉਨ੍ਹਾਂ ਦਾ ਕੰਮ ਕਾਰਪੋਰੇਟ ਨੂੰ ਸੌਂਪ ਦਿੱਤਾ ਗਿਆ ਹੈ।

### ਕੀ ਕਹਿਣਾ ਹੈ ਕਿਸਾਨ ਆਗੂਆਂ ਦਾ ?

ਕਿਸਾਨ ਲੀਡਰਾਂ ਨੇ ਕਿਹਾ ਕਿ, ਸਰਕਾਰ ਦੇ ਬੁਲਾਰੇ ਕਹਿ ਰਹੇ ਹਨ ਕਿ ਮੋਦੀ ਸਰਕਾਰ ਸਾਡੀ ਸਰਕਾਰ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ। ਆਪਣੀ ਸਰਕਾਰ ਬਚਾਉਣ ਲਈ ਪੰਜਾਬੀਆਂ ਦਾ ਗਲਾ ਘੁੱਟ ਦਿੱਤਾ। ਕਿਸਾਨ ਲੀਡਰਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਫੈਸਲਾ ਕੀਤਾ ਜਾਵੇਗਾ ਕਿ ਭਗਵੰਤ ਮਾਨ ਸਰਕਾਰ ਖਿਲਾਫ ਕੀ ਫੈਸਲਾ ਲੈਣਾ ਹੈ। ਇਹ ਵੀ ਤੈਅ ਹੋਣਾ ਹੈ ਕਿ ਭਗਵੰਤ ਮਾਨ ਦੇ ਮੁਲਾਜ਼ਮਾਂ ਨੂੰ ਪਿੰਡ ਵਿੱਚ ਵੜਨ ਦੇਣਾ ਹੈ ਜਾਂ ਨਹੀਂ। ਜੇਕਰ ਇਹ ਨੋਟੀਫਿਕੇਸ਼ਨ ਰੱਦ ਨਾ ਕੀਤਾ ਗਿਆ ਤਾਂ ਭਗਵੰਤ ਮਾਨ ਸਰਕਾਰ ਨੂੰ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਅਤੇ ਭਗਵੰਤ ਮਾਨ ਸਰਕਾਰ ਵਿੱਚ ਕੋਈ ਫਰਕ ਨਹੀਂ ਹੈ। ਉਨ੍ਹਾਂ ਕਿਹਾ ਕਿ ਖੇਤੀ ਕਾਨੂੰਨ ਵਿੱਚ ਵੀ ਮੰਡੀਆਂ ਨੂੰ ਕਾਰਪੋਰੇਟ ਯਾਰਡਾਂ ਵਿੱਚ ਤਬਦੀਲ ਕਰਨ ਦੀ ਗੱਲ ਕਹੀ ਗਈ ਸੀ। ਹੁਣ ਅਜਿਹਾ ਹੀ ਕੀਤਾ ਜਾ ਰਿਹਾ ਹੈ। 2023–24 ਲਈ ਕਣਕ ਖਰੀਦਣ, ਵੇਚਣ ਅਤੇ ਸਟੋਰ ਕਰਨ ਦਾ ਫੈਸਲਾ ਕਾਰਪੋਰੇਟ ਨੂੰ ਦਿੱਤਾ ਗਿਆ ਹੈ। ਇਸ ਦਾ ਵਿਰੋਧ ਹੋਵੇਗਾ। ਦੱਸ ਦੇਈਏ ਕਿ ਪੰਜਾਬ ਸਰਕਾਰ ਨੇ ਮੰਡੀ ਬੋਰ ਐਕਟ 1961 ਵਿੱਚ ਸੋਧ ਕਰਕੇ ਮਾਰਕੀਟ ਕਮੇਟੀਆਂ ਨੂੰ ਭੰਗ ਕਰਕੇ ਹੋਰਨਾਂ ਵਿਭਾਗਾਂ ਵਿੱਚ ਰਲੇਵਾਂ ਕਰ ਦਿੱਤਾ ਹੈ।

### ਜਦੋਂ ਸਰਕਾਰ ਬਦਲੇਗੀ...

## ਅਜਿਹੀ ਕਾਰਵਾਈ ਕਰਾਂਗੇ ਕਿ ਫਿਰ ਤੋਂ ਹਿੰਮਤ ਨਹੀਂ ਹੋਵੇਗੀ- ਰਾਹੁਲ ਗਾਂਧੀ

ਨਵੀਂ ਦਿੱਲੀ, 30 ਮਾਰਚ (ਆਵਾਜ਼ਿ ਕੌਮ ਬਿਊਰੋ)– ਇਨਕਮ ਟੈਕਸ ਵਿਭਾਗ ਨੇ



ਟੈਕਸ ਰਿਟਰਨਾਂ ਵਿੱਚ ਗੜਬੜੀ ਲਈ ਕਾਂਗਰਸ ਨੂੰ 1823 ਕਰੋੜ ਰੁਪਏ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਹੈ। ਇਸ ਨੂੰ ਲੈ ਕੇ ਕਾਂਗਰਸੀ ਆਗੂ ਆਈ.ਟੀ ਵਿਭਾਗ ਤੋਂ ਕਾਫੀ ਨਾਰਾਜ਼ ਨਜ਼ਰ ਲੱਗ ਰਹੇ ਹਨ। ਮੁੱਖ ਵਿਰੋਧੀ ਪਾਰਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਭਾਰਤ ਜੋੜੋ ਨਿਆਯਾ ਯਾਤਰਾ ਦੌਰਾਨ ਦਿੱਤੇ ਗਏ ਬਿਆਨ ਦਾ ਇੱਕ ਵੀਡੀਓ ਟਵਿਟਰ 'ਤੇ ਸਾਂਝਾ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੋਸਟ ਕੀਤਾ, 'ਜਦੋਂ ਸਰਕਾਰ ਬਦਲੇਗੀ ਤਾਂ ਲੋਕਤੰਤਰ ਨੂੰ ਤਬਾਹ ਕਰਨ ਵਾਲਿਆਂ ਖਿਲਾਫ ਕਾਰਵਾਈ ਜ਼ਰੂਰ ਹੋਵੇਗੀ। ਅਜਿਹੀ ਕਾਰਵਾਈ ਕੀਤੀ ਜਾਵੇਗੀ ਕਿ ਕਿਸੇ ਨੂੰ ਦੁਬਾਰਾ ਇਹ ਸਭ ਕਰਨ ਦੀ ਹਿੰਮਤ ਨਹੀਂ ਹੋਵੇਗੀ। ਇਹ ਮੇਰੀ ਗਾਰੰਟੀ ਹੈ। ਮਲਿਕਾਰਜੁਨ ਖੜਗੇ ਨੇ ਸਵਾਲ ਕੀਤਾ ਕਿ ਇਨਕਮ ਟੈਕਸ ਵਿਭਾਗ 'ਤੇ ਸਿਰਫ ਵਿਰੋਧੀ ਧਿਰ ਦੇ ਖਿਲਾਫ ਇਹ ਅਨੁਚਿਤ ਕਾਰਵਾਈ ਕਰਨ ਲਈ ਕੌਣ ਦਬਾਅ ਪਾ ਰਿਹਾ ਹੈ ? ਕਾਂਗਰਸ ਪ੍ਰਧਾਨ ਨੇ ਦਾਅਵਾ ਕੀਤਾ, 'ਮੁੱਖ ਵਿਰੋਧੀ ਪਾਰਟੀ ਕਾਂਗਰਸ ਨੂੰ ਤੰਗ ਕਰਨ ਲਈ ਆਮਦਨ ਕਰ ਵਿਭਾਗ ਨੂੰ ਹਥਿਆਰ ਵਜੋਂ ਵਰਤਣ ਦੀ ਇਜਾਜ਼ਤ ਕਿਉਂ ਦਿੱਤੀ ਜਾ ਰਹੀ ਹੈ ? ਉਹ ਲੋਕਤੰਤਰ ਨੂੰ ਤਬਾਹ ਕਰਨ ਅਤੇ ਸੰਵਿਧਾਨ ਨੂੰ ਕਮਜ਼ੋਰ ਕਰਨ ਲਈ ਆਮਦਨ ਕਰ ਵਿਭਾਗ, ਈਡੀ, ਸੀਬੀਆਈ ਵਰਗੀਆਂ ਸੰਸਥਾਵਾਂ ਦੀ ਦੁਰਵਰਤੋਂ ਕਰ ਰਹੇ ਹਨ। ਇਸ ਦੇ ਨਾਲ ਹੀ ਕਾਂਗਰਸ ਸੰਗਠਨ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨੇ ਦਾਅਵਾ ਕੀਤਾ ਕਿ ਕੇਂਦਰ ਸਰਕਾਰ ਕਾਂਗਰਸ ਨੂੰ ਵਿੱਤੀ ਤੌਰ 'ਤੇ ਦੀਵਾਲੀਆ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

## ਖ਼ੁਸ਼ਖ਼ਬਰੀ ! 2 ਅਪ੍ਰੈਲ ਨੂੰ ਪੰਜਾਬ ਸਰਕਾਰ ਬੰਦ ਕਰੇਗੀ 2 ਹੋਰ ਟੋਲ ਪਲਾਜ਼ੇ

ਪੰਜਾਬ ਸਰਕਾਰ ਟੋਲ ਪਲਾਜ਼ਿਆਂ ਦੀ ਹੋ ਰਹੀ ਲੁੱਟ ਨੂੰ ਰੋਕਣ ਲਈ ਬਹੁਤ ਗੰਭੀਰ ਹੈ। ਸੂਬਾ ਸਰਕਾਰ ਵੱਲੋਂ ਹੁਣ ਤੱਕ 12 ਟੋਲ ਪਲਾਜ਼ੇ ਬੰਦ ਕੀਤੇ ਜਾ ਚੁੱਕੇ ਹਨ। ਇੰਨਾ ਹੀ ਨਹੀਂ ਸੀਐਮ ਭਗਵੰਤ ਮਾਨ ਨੇ ਸਪੱਸ਼ਟ ਕੀਤਾ ਹੈ ਕਿ ਟੋਲ ਪਲਾਜ਼ਾ ਦੀ ਲੁੱਟ ਨਹੀਂ ਹੋਣ ਦਿੱਤੀ ਜਾਵੇਗੀ

ਚੰਡੀਗੜ੍ਹ, 30 ਮਾਰਚ (ਸਟਿੰਗ ਆਪ੍ਰੇਸ਼ਨ ਬਿਊਰੋ)– ਪੰਜਾਬ ਸਰਕਾਰ ਜਲਦ ਹੀ ਦੋ ਹੋਰ ਟੋਲ ਪਲਾਜ਼ੇ ਬੰਦ ਕਰਨ ਜਾ ਰਹੀ ਹੈ। ਇਸ ਗੱਲ ਦਾ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲੁਧਿਆਣਾ ਤੋਂ ਬਰਨਾਲਾ ਵਾਇਆ ਸੁਧਾਰ ਰਾਏਕੋਟ ਮਹਿਲ ਕਲਾਂ ਤੱਕ ਦੋ ਟੋਲ ਪਲਾਜ਼ੇ ਹਨ। ਇਨ੍ਹਾਂ ਵਿੱਚੋਂ ਇੱਕ ਟੋਲ ਪਲਾਜ਼ਾ ਪਿੰਡ ਰਕਬਾ ਨੇੜੇ ਮੁੱਲਾਂਪੁਰ ਅਤੇ ਦੂਜਾ ਪਿੰਡ ਮਹਿਲ ਕਲਾਂ ਨੇੜੇ ਹੈ। ਦੋਵੇਂ ਇੱਕੋ ਕੰਪਨੀ ਦੇ ਹਨ। ਮੁੱਖ ਮੰਤਰੀ ਨੇ ਟਵੀਟ ਕਰਦਿਆਂ ਕਿਹਾ, ਲੁਧਿਆਣਾਂ ਤੋਂ ਬਰਨਾਲਾ ਵਾਇਆ ਸੁਧਾਰ..ਰਾਏਕੋਟ..ਮਹਿਲ ਕਲਾਂ ਦੋ ਟੋਲ ਪਲਾਜ਼ਾ ਹਨ..1.ਪਿੰਡ ਰਕਬਾ ਨੇੜੇ ਮੁੱਲਾਂਪੁਰ..2.ਪਿੰਡ ਮਹਿਲ ਕਲਾਂ ..ਇੱਕੋ ਕੰਪਨੀ ਦੇ ..ਕੰਪਨੀ ਨੇ ਕੋਵਿਡ ਅਤੇ ਕਿਸਾਨ ਅੰਦੋਲਨ ਦਾ ਵੇਰਵਾ ਦੇ ਕੇ 448 ਦਿਨਾਂ ਦੀ ਟੋਲ ਨੂੰ ਵਧਾਉਣ ਦੀ ਮੰਗ ਕੀਤੀ ਸੀ ..ਜਿਸਨੂੰ ਪੰਜਾਬ ਸਰਕਾਰ ਵੱਲੋਂ ਨਹੀਂ ਮੰਨਿਆ ਗਿਆ..ਇਹ ਦੋਵੇਂ ਟੋਲ ਮਿਤੀ 2 ਅਪਰੈਲ ਰਾਤ 12 ਵਜੇ ਬੰਦ ਹੋ ਜਾਣਗੇ..ਇੰਨਕਲਾਬ ਜ਼ਿੰਦਾਬਾਦ ਪੰਜਾਬ ਸਰਕਾਰ ਟੋਲ ਪਲਾਜ਼ਿਆਂ ਦੀ ਹੋ ਰਹੀ ਲੁੱਟ ਨੂੰ ਰੋਕਣ ਲਈ ਬਹੁਤ ਗੰਭੀਰ ਹੈ। ਸੂਬਾ ਸਰਕਾਰ ਵੱਲੋਂ ਹੁਣ ਤੱਕ 12 ਟੋਲ ਪਲਾਜ਼ੇ ਬੰਦ ਕੀਤੇ ਜਾ ਚੁੱਕੇ ਹਨ। ਇੰਨਾ ਹੀ ਨਹੀਂ ਸੀਐਮ ਭਗਵੰਤ ਮਾਨ ਨੇ ਸਪੱਸ਼ਟ ਕੀਤਾ ਹੈ ਕਿ ਟੋਲ ਪਲਾਜ਼ਾ ਦੀ ਲੁੱਟ ਨਹੀਂ ਹੋਣ ਦਿੱਤੀ ਜਾਵੇਗੀ।

## ਬੇਮੌਸਮੀ ਬਰਸਾਤ ਕਰਕੇ ਫਸਲਾਂ ਹੋਈਆਂ ਖ਼ਰਾਬ ਸੁਖਬੀਰ ਬਾਦਲ ਨੇ ਸੀ.ਐਮ. ਮਾਨ ਨੂੰ ਫਸਲਾਂ ਦੀ ਗਿਰਦਾਵਰੀ ਕਰਵਾਉਣ ਅਤੇ ਮੁਆਵਜ਼ਾ ਦੇਣ ਦੀ ਆਖੀ ਗੱਲ

ਚੰਡੀਗੜ੍ਹ, 30 ਮਾਰਚ (ਸਟਿੰਗ ਆਪ੍ਰੇਸ਼ਨ ਬਿਊਰੋ)– ਪੰਜਾਬ



ਵਿੱਚ ਮੌਸਮ ਬਦਲ ਗਿਆ ਹੈ ਜਿਸ ਕਰਕੇ ਕਾਫੀ ਮੀਂਹ ਪਿਆ। ਉੱਥੇ ਹੀ ਇਸ ਬੇਮੌਸਮੀ ਮੀਂਹ ਕਰਕੇ ਫਸਲਾਂ ਦਾ ਕਾਫੀ ਨੁਕਸਾਨ ਹੋਇਆ ਹੈ। ਜਿੱਥੇ ਇੱਕ ਅਪਰੈਲ ਤੋਂ ਕਣਕ ਦੀ ਵਾਢੀ ਲਈ ਹੁਕਮ ਦੇ ਦਿੱਤੇ ਗਏ ਹਨ, ਉੱਥੇ ਹੀ ਇਸ ਬੇਮੌਸਮੀ ਬਰਸਾਤ ਪੈਣ ਕਰਕੇ ਕਿਸਾਨਾਂ ਦੀਆਂ ਮੁਸ਼ਕਿਲਾਂ ਵੱਧ ਗਈਆਂ ਹਨ। ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਟਵੀਟ ਕਰਕੇ ਕਿਹਾ ਕਿ ਮਾਲਵਾ ਖੇਤਰ ਵਿੱਚ ਬੇਮੌਸਮੀ ਬਰਸਾਤ ਪੈਣ ਕਰਕੇ ਫਸਲਾਂ ਦਾ ਕਾਫੀ ਨੁਕਸਾਨ ਹੋਇਆ ਹੈ, ਪੱਕੀਆਂ ਫਸਲਾਂ ਖਰਾਬ ਹੋ ਗਈਆਂ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਦੋਹਰਾ ਝਟਕਾ ਲੱਗਿਆ ਹੈ, ਜਿਨ੍ਹਾਂ ਨੇ ਥੋੜੇ ਸਮਾਂ ਪਹਿਲਾਂ ਹੀ ਓਲਾ ਡਿੱਗਣ ਕਰਕੇ ਕਣਕ ਦੀ ਫਸਲ ਦਾ ਨੁਕਸਾਨ ਹੋਇਆ ਹੈ। ਇਸ ਕਰਕੇ ਸੁਖਬੀਰ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਖ਼ਰਾਬ ਹੋਈਆਂ ਫਸਲਾਂ ਦੀ ਗਿਰਦਾਵਰੀ ਕਰਵਾਉਣ ਲਈ ਅਤੇ ਤੁਰੰਤ ਮੁਆਵਜ਼ਾ ਦੇਣ ਦਾ ਹੁਕਮ ਦੇਣ ਲਈ ਕਿਹਾ ਹੈ।

## ਲੋਕਸਭਾ ਚੋਣਾਂ: ਭਾਜਪਾ ਵੱਲੋਂ ਉਮੀਦਵਾਰਾਂ ਦੀ ਸੂਚੀ ਜਾਰੀ, ਪਰਨੀਤ, ਰਿੰਕੂ, ਬਿੱਟੂ ਅਤੇ ਹੰਸ ਰਾਜ ਹੰਸ ਨੂੰ ਟਿਕਟ, ਸੰਨੀ ਦੀ ਛੁੱਟੀ

**ਹਾਲੇ 7 ਸੀਟਾਂ 'ਤੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰਨਾ ਬਾਕੀ ਹੈ**

ਨਵੀਂ ਦਿੱਲ, ਚੰਡੀਗੜ੍ਹ, 30 ਮਾਰਚ (ਆਵਾਜ਼ਿ ਕੌਮ ਬਿਊਰੋ))– ਲੋਕ ਸਭਾ ਚੋਣਾਂ ਲਈ ਭਾਜਪਾ ਨੇ ਪੰਜਾਬ ਵਿੱਚ ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਹੈ। ਦੱਸ ਦਈਏ ਕਿ ਪਟਿਆਲਾ ਤੋ ਪਰਨੀਤ ਕੌਰ, ਗੁਰਦਾਸਪੁਰ ਤੋ ਦਿਨੇਸ਼ ਬਬੂ, ਅੰਮ੍ਰਿਤਸਰ ਤੋਂ ਤਰਨਜੀਤ ਸੰਧੂ, ਲੁਧਿਆਣਾ ਤੋਂ ਰਵਨੀਤ ਸਿੰਘ ਬਿੱਟੂ, ਜਲੰਧਰ ਤੋਂ ਸੁਸ਼ੀਲ ਰਿੰਕੂ ਅਤੇ ਫਰੀਦਕੋਟ ਤੋ ਹੰਸ ਰਾਜ ਹੰਸ ਨੂੰ ਟਿਕਟ ਦਿੱਤੀ ਗਈ ਹੈ। ਭਾਜਪਾ ਨੇ ਹਾਲੇ 6 ਲੋਕ ਸਭਾ ਸੀਟਾਂ ਲਈ ਉਮੀਦਵਾਰਾਂ ਦਾ ਐਲਾਨ ਕੀਤਾ ਹੈ, ਹਾਲੇ 7 ਸੀਟਾਂ 'ਤੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰਨਾ ਬਾਕੀ ਹੈ। ਲੋਕ ਸਭਾ ਚੋਣਾਂ 19 ਅਪਰੈਲ ਤੋਂ ਸ਼ੁਰੂ ਹੋ ਜਾਣੀਆਂ ਹਨ, ਜਿਸ ਦੇ ਲਈ ਹੌਲੀ–ਹੌਲੀ ਉਮੀਦਵਾਰਾਂ ਦੀ ਸੂਚੀ ਕੀਤੀ ਜਾ ਰਹੀ ਹੈ। ਪੰਜਾਬ ਵਿੱਚ 13 ਲੋਕ ਸਭਾ ਸੀਟਾਂ ਹਨ ਅਤੇ ਜਿਨ੍ਹਾਂ ਲਈ ਸਾਰੀ ਪਾਰਟੀ ਦੇ ਆਗੂ ਉਮੀਦਵਾਰਾਂ ਦੀ ਸੂਚੀ ਹੌਲੀ–ਹੌਲੀ ਜਾਰੀ ਕਰਨ ਵਿੱਚ ਲੱਗੇ ਹੋਏ ਹਨ। ਉੱਥੇ ਹੀ ਤੁਹਾਨੂੰ ਦੱਸ ਦਈਏ ਕਿ ਭਾਜਪਾ ਨੇ ਜਿਹੜੀ ਅੱਜ ਸੂਚੀ ਜਾਰੀ ਕੀਤੀ ਹੈ, ਉਨ੍ਹਾਂ ਵਿਚੋਂ ਕੁਝ ਉਮੀਦਵਾਰ ਅਜਿਹੇ ਹਨ, ਜਿਨ੍ਹਾਂ ਨੇ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਛੱਡ ਕੇ ਭਾਜਪਾ ਦਾ ਪੱਲਾ ਫੜਿਆ ਹੈ, ਹੁਣ ਦੇਖਣਾ ਹੋਵੇਗਾ ਕਿ ਉਹ ਭਾਜਪਾ ਦੀਆਂ ਉਮੀਦਾਂ 'ਤੇ ਖਰੇ ਉਤਰ ਸਕਣਗੇ ਜਾਂ ਨਹੀਂ। ਸੂਚੀ ਵਿੱਚ ਉੜੀਸਾ ਦੀਆਂ ਤਿੰਨ, ਪੰਜਾਬ ਦੀਆਂ ਛੇ ਅਤੇ ਪੱਛਮੀ ਬੰਗਾਲ ਦੀਆਂ ਦੋ ਲੋਕ ਸਭਾ ਸੀਟਾਂ ਲਈ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ। ਇਸ ਵਿੱਚ ਵੱਡੀ ਖ਼ਬਰ ਇਹ ਹੈ ਕਿ ਪੰਜਾਬ ਦੀ ਗੁਰਦਾਸਪੁਰ ਲੋਕ ਸਭਾ ਸੀਟ ਤੋਂ ਮੌਜੂਦਾ ਸੰਸਦ ਮੈਂਬਰ ਅਤੇ ਬਾਲੀਵੁੱਡ ਅਦਾਕਾਰ ਸੰਨੀ ਦਿਓਲ ਦੀ ਟਿਕਟ ਰੱਦ ਕਰ ਦਿੱਤੀ ਗਈ ਹੈ। ਉਨ੍ਹਾਂ ਦੀ ਥਾਂ ਦਿਨੇਸ਼ ਸਿੰਘ ਨੂੰ ਟਿਕਟ ਦਿੱਤੀ ਗਈ ਹੈ। ਇਸ ਤੋਂ ਇਲਾਵਾ ਹੋਰ ਪਾਰਟੀਆਂ ਦੇ ਸੰਸਦ ਮੈਂਬਰਾਂ ਨੂੰ ਵੀ ਟਿਕਟਾਂ ਦਿੱਤੀਆਂ ਗਈਆਂ ਹਨ।

## ਮੁੱਖ ਮੰਤਰੀ ਭਗਵੰਤ ਮਾਨ ਨੇ ਖਿੱਚੀ ਤਿਆਰੀ; ਆਪ ਵਿਧਾਇਕਾਂ ਨਾਲ ਬੈਠ ਕੇ ਬਣਾਉਣਗੇ ਨਵੀਂ ਰਣਨੀਤੀ

ਚੰਡੀਗੜ੍ਹ, 30 ਮਾਰਚ (ਸਟਿੰਗ ਆਪ੍ਰੇਸ਼ਨ ਬਿਊਰੋ)– ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਅਤੇ ਜਲੰਧਰ ਤੋਂ ਵਿਧਾਇਕ ਸ਼ੀਤਲ ਅੰਗੁਰਾਲ ਪਾਰਟੀ ਨੂੰ ਅਲਵਿਦਾ ਕਹਿ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ। ਇਸ ਤੋਂ ਬਾਅਦ ਪਾਰਟੀ ਨੇ ਨਵੀਂ ਰਣਨੀਤੀ ਬਣਾਉਣੀ ਸ਼ੁਰੂ ਕਰ ਦਿੱਤੀ ਹੈ। ਸੂਤਰਾਂ ਦੇ ਹਵਾਲੇ ਤੋਂ ਜਾਣਕਾਰੀ ਸਾਹਮਣੇ ਆਈ ਹੈ ਕਿ 31 ਮਾਰਚ ਨੂੰ ਦਿੱਲੀ 'ਚ ਹੋਣ ਵਾਲੀ ਰੈਲੀ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਸਾਰੇ ਵਿਧਾਇਕਾਂ ਨਾਲ ਵੱਖਰੀ ਮੀਟਿੰਗ ਕਰਨਗੇ। ਇਸ ਦੌਰਾਨ ਹਲਕਾ ਵਿਧਾਇਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ। ਇਨ੍ਹਾਂ ਮੀਟਿੰਗਾਂ ਰਾਹੀਂ 'ਆਪ' ਨੇ ਲੋਕ ਸਭਾ ਚੋਣਾਂ ਦੀ ਲੜਾਈ ਜਿੱਤਣ ਦਾ ਟੀਚਾ ਰੱਖਿਆ ਹੈ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ
ਜਥਾ ਭਿੰਡਰਾਂ
ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਖੋਲ੍ਹੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖ਼ਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 6.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ , ਫੁੱਟਬਾਲ ਪਿੱਚ ,ਜਿੰਮ , ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪੱਕੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ



ਜ਼ਮੀਨ ਦੀ ਹੱਦਬੰਦੀ
(Scale 1: 1250)

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642





### ਕਿਸਾਨ ਮਜ਼ਦੂਰ ਜਥੇਬੰਦੀ ਨੇ ਭਗਵੰਤ ਮਾਨ ਸਰਕਾਰ ਵੱਲੋਂ 26 ਮਾਰਕੀਟ ਕਮੇਟੀਆਂ ਤੋੜਨ ਦੇ ਫੈਸਲੇ ਵਿਰੁੱਧ ਸਰਕਾਰ ਦਾ ਫੂਕਿਆ ਪੁਤਲਾ

# ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਕਿਸਾਨਾਂ, ਮਜ਼ਦੂਰਾਂ ਬੀਬੀਆਂ ਦਾ ਜੱਥਾ ਸ਼ੰਭੂ ਬਾਰਡਰ ਨੂੰ ਰਵਾਨਾ



ਅੰਮ੍ਰਿਤਸਰ, 30 ਮਾਰਚ (ਆਵਾਜ਼ਿ ਕੌਮ ਬਿਊਰੋ)– ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਅੱਜ ਸੂਬਾ ਆਗੂ ਸਰਵਨ ਸਿੰਘ ਪੰਧੇਰ,ਸੂਬਾ ਆਗੂ ਗੁਰਬਚਨ ਸਿੰਘ ਚੱਬਾ,ਸੂਬਾ ਆਗੂ ਜਰਮਨਜੀਤ ਸਿੰਘ ਬੰਡਾਲਾ ਦੀ ਅਗਵਾਈ ਹੇਠ ਗੋਲਡਨ ਗੇਟ ਅੰਮ੍ਰਿਤਸਰ ਵਿਖੇ ਭਗਵੰਤ ਮਾਨ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਵਿਸ਼ਵ ਵਪਾਰ ਸੰਸਥਾ ਦੀ ਨੀਤੀ ਦੇ ਦਬਾਅ ਹੇਠ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਮੰਡੀ ਬੋਰਡ ਐਕਟ 1961 ਵਿੱਚ ਸੋਧ ਕਰਕੇ ਪੰਜਾਬ ਦੀਆਂ 26 ਮਾਰਕੀਟ ਕਮੇਟੀਆਂ ਭੰਗ ਕਰਕੇ ਦੂਜੇ ਵਿਭਾਗਾਂ ਵਿੱਚ ਰਲੇਵਾਂ ਕਰਕੇ ਪ੍ਰਾਈਵੇਟ ਕੰਪਨੀਆਂ ਦੁਆਰਾ ਬਣਾਏ ਹੋਏ 9 ਸਈਲੋ ਗੁਦਾਮਾਂ ਨੂੰ ਪ੍ਰਬੰਧ ਸੌਂਪ ਦਿੱਤਾ ਹੈ।ਅੰਮ੍ਰਿਤਸਰ ਵਿੱਚ ਅਟਾਰੀ,ਮਜੀਠਾ,ਮਹਿਤਾ ਆਦਿ ਮਾਰਕੀਟ ਕਮੇਟੀਆਂ ਖਤਮ ਕੀਤੀਆਂ ਗਈਆਂ ਹਨ।ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦਾ ਇਹ ਫੈਸਲਾ ਪੰਜਾਬ ਦੇ ਕਿਸਾਨਾਂ,ਮਜ਼ਦੂਰਾਂ ਤੇ ਦੇਸ਼ ਦੇ ਸੰਘੀ ਢਾਂਚੇ ਲਈ ਬਹੁਤ ਖਤਰਨਾਕ ਹੈ ਅਤੇ ਇਸ ਨਾਲ ਆਪਣੇ ਆਪ ਨੂੰ ਕਿਸਾਨਾਂ ਦੇ ਹਿੱਤ ਵਿੱਚ ਦੱਸਣ ਵਾਲੀ ਭਗਵੰਤ ਮਾਨ ਸਰਕਾਰ ਦਾ ਦੋਹਰਾ ਚਿਹਰਾ ਸਾਹਮਣੇ ਆਇਆ ਹੈ।ਅਸਲ ਵਿੱਚ ਕਿਸਾਨ ਅੰਦੋਲਨ ਦੇ ਦਬਾਅ ਹੇਠ ਤਿੰਨ ਕਾਲੇ ਕਾਨੂੰਨ ਤਾ ਭਾਵੇਂ ਰੱਦ ਕਰ ਦਿੱਤੇ ਗਏ ਪਰ ਹੁਣ ਉਨ੍ਹਾਂ ਨੂੰ ਅੰਦਰਖਾਤੇ ਲਾਗੂ ਕੀਤਾ ਜਾ ਰਿਹਾ ਹੈ।ਇਸ ਤੋਂ ਬਾਅਦ ਅੱਜ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ,ਸਕੱਤਰ ਸਿੰਘ ਕੋਟਲਾ ਦੀ ਅਗਵਾਈ ਹੇਠ ਸੈਕੜੇ ਕਿਸਾਨਾਂ,ਮਜ਼ਦੂਰਾ,ਬੀਬੀਆਂ ਦਾ ਜੱਥਾ ਸ਼ੰਭੂ ਬਾਰਡਰ ਲਈ ਰਵਾਨਾ ਕੀਤਾ ਗਿਆ ਅਤੇ ਚੱਲ ਰਹੇ ਮੋਰਚਿਆਂ ਨੂੰ ਹੋਰ ਮਜ਼ਬੂਤ ਕਰਨ ਦਾ ਐਲਾਨ ਕੀਤਾ ਗਿਆ।ਇਸ ਮੌਕੇ ਲਖਵਿੰਦਰ ਸਿੰਘ ਵਰਿਆਮ,ਮੰਗਜੀਤ ਸਿੰਘ ਸਿੱਧਵਾਂ,ਮਨਰਾਜ ਸਿੰਘ,ਰਵਿੰਦਰ ਸਿੰਘ ਵੱਲਾ,ਰੇਸ਼ਮ ਸਿੰਘ ਜੋਗਾ ਸਿੰਘ ਵਾਲਾ,ਪ੍ਰਗਟ ਸਿੰਘ ਗੁਨੋਵਾਲ, ਮਗਵਿੰਦਰ ਸਿੰਘ,ਗੁਰਮੀਤ ਸਿੰਘ ਮੰਡਿਆਲਾ, ਨਿਰਵੈਲ ਸਿੰਘ,ਅਵਤਾਰ ਸਿੰਘ ਚੱਬਾ,ਮੋਹਕਮ ਸਿੰਘ ਬੰਡਾਲਾ,ਬਿਕਰਮਜੀਤ ਸਿੰਘ,ਚਰਨਜੀਤ ਸਿੰਘ ਸਿੱਧਵਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV







# "ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੀ ਲੁਧਿਆਣਾ ਸ਼ਹਿਰ ਦੀ ਟੀਮ ਪਾਏਗੀ ਸਾਹਿਤ ਦੇ ਖੇਤਰ ਵਿੱਚ ਆਪਣਾ ਯੋਗਦਾਨ"

## ਮੰਚ ਦੇ ਸ਼ਹਿਰੀ ਪ੍ਰਧਾਨ ਅਮਨਦੀਪ ਕੌਰ ਸਰਨਾ ਜੀ ਦੀ ਅਗਵਾਈ ਵਿੱਚ ਉਲੀਕੇ ਗਏ ਪ੍ਰੋਗਰਾਮ



ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਲੁਧਿਆਣਾ ਸ਼ਹਿਰ ਵਿੱਚ ਮੰਚ ਦੇ ਸ਼ਹਿਰੀ ਪ੍ਰਧਾਨ ਅਮਨਦੀਪ ਕੌਰ ਸਰਨਾ ਜੀ ਦੇ ਉੱਧਮ ਸਦਕਾ ਪੰਜਾਬ ਯੂਨਿਵਰਸਟੀ ਵਿਖੇ ਮਹੀਨਾਵਾਰ ਮੀਟਿੰਗ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿੱਚ ਉਚੇਜੇ ਤੌਰ ਤੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਸੰਸਥਾਪਕ ਰਸ਼ਿਪੰਦਰ ਕੌਰ ਗਿੱਲ ਵੀ ਪਹੁੰਚੇ। ਲੁਧਿਆਣਾ ਸ਼ਹਿਰ ਤੋਂ ਜੁੜੇ ਇਸ ਮੰਚ ਨਾਲ ਮੈਂਬਰ ਪ੍ਰਭਜੋਤ ਸਿੰਘ ਜੀ, ਵਕੀਲ ਤ੍ਰਿਪਤਾ ਜੀ ਅਤੇ ਕੁਲਦੀਪ ਕੌਰ ਜੀ ਵੀ ਪਹੁੰਚੇ। ਇਸ ਮੀਟਿੰਗ ਵਿੱਚ ਗਹਿਰੀ ਵਿਚਾਰ ਚਰਚਾ ਤੋਂ ਬਾਦ ਮੰਚ ਦੇ ਲੁਧਿਆਣਾ ਸ਼ਹਿਰ ਦੇ ਪ੍ਰਧਾਨ ਅਮਨਦੀਪ ਕੌਰ ਸਰਨਾ ਜੀ ਨੇ ਪੰਜਾਬੀ ਬੋਲੀ ਦੇ ਪ੍ਰਸਾਰ ਲਈ ਸਾਰੇ ਮੈਂਬਰਾਂ ਦੀ ਡਿਊਟੀ ਲਗਾਈ ਕਿ ਕਿਸ ਤਰਾਂ ਆਉਣ ਵਾਲੇ ਸਮੇਂ ਵਿੱਚ ਲੁਧਿਆਣਾ ਸ਼ਹਿਰ ਵਿੱਚ ਸਕੂਲਾਂ ਅਤੇ ਕਾਲਜਾਂ ਵਿੱਚ ਕਵਿਤਾ ਅਤੇ ਕਹਾਣੀ ਮੁਕਾਬਲੇ ਕਰਵਾਏ ਜਾਣਗੇ। ਤਾਂ ਜੋ ਕਿ ਨੋਜਵਾਨ ਪੀੜੀ ਨੂੰ ਵੀ ਸਾਹਿਤ ਨਾਲ ਜੋੜਿਆ ਜਾ ਸਕੇ। ਵਕੀਲ ਤਰਿਪਤਾ ਜੀ ਨੇ ਜਿੰਮੇਵਾਰੀ ਚੁੱਕੀ ਕਿ ਉਹ ਲੁਧਿਆਣਾ ਸ਼ਹਿਰ ਦੇ ਲੇਖਕਾਂ ਨੂੰ ਲੈ ਕੇ ਇੱਕ ਸਾਂਝਾਂ ਕਹਾਣੀ ਸੰਗ੍ਰਿਹ ਕਿਤਾਬ ਛਾਪਣਗੇ। ਕੁਲਦੀਪ ਕੌਰ ਜੀ ਨੇ ਜਿੰਮੇਵਾਰੀ ਲਈ ਕਿ ਉਹ ਲੁਧਿਆਣਾ ਸ਼ਹਿਰ ਵਿੱਚ 10 ਦਿਨ ਦਾ ਬੱਚਿਆਂ ਲਈ ਗੁਰਬਾਣੀ ਸਿੱਖਿਆ ਦਾ ਸੈਮੀਨਾਰ ਲਗਾਉਣਗੇ। ਤਾਂ ਜੋ ਕਿ ਸ਼ਹਿਰੀ ਬੱਚੇ ਸ਼ੁੱਧ ਗੁਰਬਾਣੀ ਦਾ ਉਚਾਰਨ ਅਤੇ ਗੋਰਵਮਈ ਸਿੱਖ ਇਤਿਹਾਸ ਤੋਂ ਜਾਣੂ ਹੋ ਸਕਣ। ਪ੍ਰਭਜੋਤ ਸਿੰਘ ਜੀ ਨੇ ਜਿੰਮੇਵਾਰੀ ਚੁੱਕੀ ਹੈ ਕਿ ਉਹ ਲੁਧਿਆਣਾ ਸ਼ਹਿਰ ਵਿੱਚ ਸਕੂਲਾਂ ਕਾਲਜਾਂ ਵਿੱਚ ਕਿਤਾਬਾਂ ਦਾ ਮੇਲਾ ਲਗਾਉਣਗੇ। ਨੋਜਵਾਨਾਂ ਨੂੰ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਣ ਦੀ ਕੋਸ਼ਸ਼ ਲੁਧਿਆਣਾ ਸ਼ਹਿਰ ਦੀ ਇਕਾਈ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਕੀਤੀ ਜਾਂ ਰਹੀ ਹੈ। ਲੁਧਿਆਣਾ ਸ਼ਹਿਰ ਦੀ ਟੀਮ ਸ਼ਹਿਰੀ ਪ੍ਰਧਾਨ ਅਮਨਦੀਪ ਕੌਰ ਸਰਨਾ ਜੀ ਦੀ ਅਗਵਾਈ ਹੇਠ ਬਹੁਤ ਜਲਦ ਸਕੂਲਾਂ ਨਾਲ ਸੰਪਰਕ ਕਰਣ ਜਾ ਰਹੇ ਹਨ। ਪੀਂਘਾਂ ਸੋਚ ਦੀਆਂ ਸਾਹਿਤ ਮੰਚ ਸਭ ਨਵੇਂ ਲੇਖਕਾਂ ਦੀਆਂ ਕਿਤਾਬਾਂ ਦਾ ਲੋਕ ਅਰਪਣ ਸਮਾਗਮ ਅਤੇ ਕਿਤਾਬ ਚਰਚਾ ਸਮਾਗਮ ਵੀ ਕਰਵਾਉਣ ਜਾ ਰਹੇ ਹਨ। ਵਿਚਾਰ ਚਰਚਾ ਤੋਂ ਬਾਦ ਪਹੁੰਚੀਆਂ ਸਭ ਅਦਬੀ ਸ਼ਖਸਿਅਤਾਂ ਨੇ ਆਪਣੀਆਂ ਰਚਨਾਵਾਂ ਅਤੇ ਗੀਤ ਸੁਣਾ ਕੇ ਮਾਹੌਲ ਨੂੰ ਖੁਸ਼ਨੁਮਾ ਬਣਾ ਦਿੱਤਾ। ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਸੰਸ਼ਥਾਪਕ ਰਸ਼ਿਪੰਦਰ ਕੌਰ ਗਿੱਲ ਨੇ ਲੁਧਿਆਣਾ ਦੀ ਸਾਰੀ ਟੀਮ ਦੀ ਹੌਂਸਲਾ ਅਫਜਾਈ ਕਰਦੇ ਹੋਏ ਸਾਰੇ ਮੈਂਬਰਾਂ ਤੇ ਵਿਸ਼ਵਾਸ ਜਤਾਇਆ ਕਿ ਸਾਰੇ ਮੈਂਬਰ ਮਿਲ ਕੇ ਲੁਧਿਆਣਾ ਸ਼ਹਿਰ ਵਿੱਚ ਹਰ ਮਹੀਨੇ ਮੰਚ ਵੱਲੋਂ ਇੱਕ ਕਾਰਵਾਈ ਸਾਹਿਤ ਦੇ ਖੇਤਰ ਵਿੱਚ ਜ਼ਰੂਰ ਪਾਉਣ। ਜਿਸ ਨਾਲ ਪੰਜਾਬੀ ਬੋਲੀ ਦਾ, ਪੰਜਾਬੀ ਸਾਹਿਤ ਦਾ ਅਤੇ ਗੁਰਬਾਣੀ ਦਾ ਮਿਆਰ ਹਮੇਸ਼ਾ ਸਿਰਮੌਰ ਬਣਿਆ ਰਹੇ। ਜਿਸ ਨਾਲ ਅੱਜ ਦੇ ਸਮਾਜ ਵਿੱਚ ਜੋ ਪਰਿਵਾਰ ਅਤੇ ਬੱਚੇ ਪੰਜਾਬੀ ਤੋਂ ਅਤੇ ਗੁਰਬਾਣੀ ਤੋਂ ਟੁੱਟ ਚੁੱਕੇ ਹਨ ਉੱਨਾਂ ਨੂੰ ਬਾਂਹ ਫੜ ਕੇ ਮੁੜ ਪੰਜਾਬ ਦੇ ਗੌਰਵਮਈ ਵਿਰਸੇ ਨਾਲ ਜੋੜਿਆ ਜਾ ਸਕੇ। ਮੰਚ ਦੇ ਸੰਸਥਾਪਕ ਰਸ਼ਿਪੰਦਰ ਕੌਰ ਗਿੱਲ ਨੇ ਕਿਹਾ ਕਿ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਸਭ ਨਵੇਂ ਲੇਖਕਾਂ ਨੂੰ ਇਹ ਮੰਚ ਦੇ ਰਿਹਾ ਹੈ ਜਿਸ ਰਾਹੀਂ ਸਭ ਨਵੇਂ ਲੇਖਕ ਸਾਹਿਤ ਦੇ ਖੇਤਰ ਦੇ ਨਾਲ ਨਾਲ ਸਮਾਜਿਕ ਪੱਧਰ ਤੇ ਆਪਣਾ ਯੋਗਦਾਨ ਪਾਉਂਦੇ ਹੋਏ ਆਪਣੀ ਇੱਕ ਵਿਲੱਖਣ ਪਹਿਚਾਣ ਬਣਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV


ਧਨੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲੇ ਮਹੱਲੇ ਨੂੰ ਸਮਰਪਿਤ 30 ਅਤੇ 31 ਮਾਰਚ ਨੂੰ

# ਮਹਾਨ ਗੁਰਮਤਿ ਸਮਾਗਮ

ਹੋਲੇ ਮਹੱਲੇ ਅਤੇ ਸ਼ਹੀਦੀ ਦਿਵਸ ਭਾਈ ਸੁਬੇਗ ਸਿੰਘ, ਭਾਈ ਸ਼ਹਬਾਜ਼ ਸਿੰਘ ਸਾਹਿਬ ਜੀ, ਜੋਤੀ ਜੋਤ ਬਾਬਾ ਗੁਰਦਿੱਤਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ ਸ਼ਨੀਵਾਰ 30 ਮਾਰਚ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।
☛ ਐਤਵਾਰ 31 ਮਾਰਚ ਨੂੰ 6:30 ਸਵੇਰੇ ਚਉਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9:30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਸੁਰੀਲੀਆਂ ਆਵਾਜ਼ਾਂ ਵਿਚ ਢਾਡੀ ਜਥਾ ਭਾਈ ਦਲਵਿੰਦਰ ਸਿੰਘ (ਅਠੋਲਾ) ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।



ਢਾਡੀ ਜਥਾ
*contecat italy +39 388 491 3144*

ਕਥਾ ਵਾਚਕ ਬਾਬਾ ਹਰਜਿੰਦਰ ਸਿੰਘ ਦਮਦਮੀ ਟਕਸਾਲ ਵਾਲੇ ਅਤੇ ਕੀਰਤਨੀ ਜਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢ ਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ
ਖਾਲਸਾਈ ਖੇਡਾਂ
ਮਿਤੀ 6 ਅਪ੍ਰੈਲ 2024 ਦਿਨ ਸ਼ਨੀਵਾਰ
ਆਵਾਜ਼ਿ ਕੌਮ AWAZE QAUM International Newspaper & WEB TV
ਗੱਤਕਾ ਕੱਪ
ਨਾਟਕ
ਕੋਰੀਉਗ੍ਰਾਫੀ
ਗੱਤਕਾ ਮੁਕਾਬਲੇ
ਆਰੰਭ ਸ੍ਰੀ ਆਖੰਡ ਪਾਠ ਸਾਹਿਬ ਮਿਤੀ : 4 ਅਪ੍ਰੈਲ ਦਿਨ ਵੀਰਵਾਰ
ਭੋਗ ਸ੍ਰੀ ਆਖੰਡ ਪਾਠ ਸਾਹਿਬ ਮਿਤੀ : 6 ਅਪ੍ਰੈਲ ਦਿਨ ਸ਼ਨੀਵਾਰ
ਗੁ: ਰੋੜੀ ਸਾਹਿਬ, ਪਿੰਡ ਡਾਲਾ (ਮੋਗਾ)
LIVE ON
Nihang TV
ਭੋਗ ਉਪਰੰਤ
ਭਾਈ ਮਨਧੀਰ ਸਿੰਘ ਖਾਲਸਾ
ਸੰਗਤਾ ਨੂੰ ਗੁਰਮਤਿ ਵਿਚਾਰਾਂ ਰਾਂਹੀ
ਨਿਹਾਲ ਕਰਨਗੇ
Sikh phulwari vikas gurmat kendar dala
Like us Facebook page
ਸਮਾਂ:- ਗੱਤਕਾ ਸ਼ਾਮ 6ਵਜੇ ਤੋਂ ਦੇਰ ਰਾਤ ਤੱਕ
ਸੰਪਰਕ : 94658-51126, 92172-11786


GURUJI
FLEX MOGA
WALLPAPER
FLOOR MATT
FLEX, VINYAL, ONEWAY VISION PRINTING 98141-83619

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ



ਤਖ਼ਤ ਸ੍ਰੀ ਹਰਿਮੰਦਰ ਜੀ
ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)



ਤਖ਼ਤ ਸ੍ਰੀ ਹਜ਼ੂਰ ਸਾਹਿਬ
ਅਬਿਚਲ ਨਗਰ (ਨੰਦੇੜ)



ਸਰਪ੍ਰਸਤ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024-25)

### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ 14 ਮਾਰਚ | ੨ 15 ਮਾਰਚ | ੩ 16 ਮਾਰਚ |
| ੪ 17 ਮਾਰਚ | ੫ 18 ਮਾਰਚ | ੬ 19 ਮਾਰਚ | ੭ 20 ਮਾਰਚ | ੮ 21 ਮਾਰਚ | ੯ 22 ਮਾਰਚ | ੧੦ 23 ਮਾਰਚ |
| ੧੧ 24 ਮਾਰਚ | ੧੨ 25 ਮਾਰਚ | ੧੩ 26 ਮਾਰਚ | ੧੪ 27 ਮਾਰਚ | ੧੫ 28 ਮਾਰਚ | ੧੬ 29 ਮਾਰਚ | ੧੭ 30 ਮਾਰਚ |
| ੧੮ 31 ਮਾਰਚ | ੧੯ 1 ਅਪ੍ਰੈਲ | ੨੦ 2 ਅਪ੍ਰੈਲ | ੨੧ 3 ਅਪ੍ਰੈਲ | ੨੨ 4 ਅਪ੍ਰੈਲ | ੨੩ 5 ਅਪ੍ਰੈਲ | ੨੪ 6 ਅਪ੍ਰੈਲ |
| ੨੫ 7 ਅਪ੍ਰੈਲ | ੨੬ 8 ਅਪ੍ਰੈਲ | ੨੭ 9 ਅਪ੍ਰੈਲ | ੨੮ 10 ਅਪ੍ਰੈਲ | ੨੯ 11 ਅਪ੍ਰੈਲ | ੩੦ 12 ਅਪ੍ਰੈਲ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ 12 ਮਈ | ੩੧ 13 ਮਈ | | | | | ੧ 13 ਅਪ੍ਰੈਲ |
| ੨ 14 ਅਪ੍ਰੈਲ | ੩ 15 ਅਪ੍ਰੈਲ | ੪ 16 ਅਪ੍ਰੈਲ | ੫ 17 ਅਪ੍ਰੈਲ | ੬ 18 ਅਪ੍ਰੈਲ | ੭ 19 ਅਪ੍ਰੈਲ | ੮ 20 ਅਪ੍ਰੈਲ |
| ੯ 21 ਅਪ੍ਰੈਲ | ੧੦ 22 ਅਪ੍ਰੈਲ | ੧੧ 23 ਅਪ੍ਰੈਲ | ੧੨ 24 ਅਪ੍ਰੈਲ | ੧੩ 25 ਅਪ੍ਰੈਲ | ੧੪ 26 ਅਪ੍ਰੈਲ | ੧੫ 27 ਅਪ੍ਰੈਲ |
| ੧੬ 28 ਅਪ੍ਰੈਲ | ੧੭ 29 ਅਪ੍ਰੈਲ | ੧੮ 30 ਅਪ੍ਰੈਲ | ੧੯ 1 ਮਈ | ੨੦ 2 ਮਈ | ੨੧ 3 ਮਈ | ੨੨ 4 ਮਈ |
| ੨੩ 5 ਮਈ | ੨੪ 6 ਮਈ | ੨੫ 7 ਮਈ | ੨੬ 8 ਮਈ | ੨੭ 9 ਮਈ | ੨੮ 10 ਮਈ | ੨੯ 11 ਮਈ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 14 ਮਈ | ੨ 15 ਮਈ | ੩ 16 ਮਈ | ੪ 17 ਮਈ | ੫ 18 ਮਈ |
| ੬ 19 ਮਈ | ੭ 20 ਮਈ | ੮ 21 ਮਈ | ੯ 22 ਮਈ | ੧੦ 23 ਮਈ | ੧੧ 24 ਮਈ | ੧੨ 25 ਮਈ |
| ੧੩ 26 ਮਈ | ੧੪ 27 ਮਈ | ੧੫ 28 ਮਈ | ੧੬ 29 ਮਈ | ੧੭ 30 ਮਈ | ੧੮ 31 ਮਈ | ੧੯ 1 ਜੂਨ |
| ੨੦ 2 ਜੂਨ | ੨੧ 3 ਜੂਨ | ੨੨ 4 ਜੂਨ | ੨੩ 5 ਜੂਨ | ੨੪ 6 ਜੂਨ | ੨੫ 7 ਜੂਨ | ੨੬ 8 ਜੂਨ |
| ੨੭ 9 ਜੂਨ | ੨੮ 10 ਜੂਨ | ੨੯ 11 ਜੂਨ | ੩੦ 12 ਜੂਨ | ੩੧ 13 ਜੂਨ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ 14 ਜੁਲਾਈ | 32 15 ਜੁਲਾਈ | | | | ੧ 14 ਜੂਨ | ੨ 15 ਜੂਨ |
| ੩ 16 ਜੂਨ | ੪ 17 ਜੂਨ | ੫ 18 ਜੂਨ | ੬ 19 ਜੂਨ | ੭ 20 ਜੂਨ | ੮ 21 ਜੂਨ | ੯ 22 ਜੂਨ |
| ੧੦ 23 ਜੂਨ | ੧੧ 24 ਜੂਨ | ੧੨ 25 ਜੂਨ | ੧੩ 26 ਜੂਨ | ੧੪ 27 ਜੂਨ | ੧੫ 28 ਜੂਨ | ੧੬ 29 ਜੂਨ |
| ੧੭ 30 ਜੂਨ | ੧੮ 1 ਜੁਲਾਈ | ੧੯ 2 ਜੁਲਾਈ | ੨੦ 3 ਜੁਲਾਈ | ੨੧ 4 ਜੁਲਾਈ | ੨੨ 5 ਜੁਲਾਈ | ੨੩ 6 ਜੁਲਾਈ |
| ੨੪ 7 ਜੁਲਾਈ | ੨੫ 8 ਜੁਲਾਈ | ੨੬ 9 ਜੁਲਾਈ | ੨੭ 10 ਜੁਲਾਈ | ੨੮ 11 ਜੁਲਾਈ | ੨੯ 12 ਜੁਲਾਈ | ੩੦ 13 ਜੁਲਾਈ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 16 ਜੁਲਾਈ | ੨ 17 ਜੁਲਾਈ | ੩ 18 ਜੁਲਾਈ | ੪ 19 ਜੁਲਾਈ | ੫ 20 ਜੁਲਾਈ |
| ੬ 21 ਜੁਲਾਈ | ੭ 22 ਜੁਲਾਈ | ੮ 23 ਜੁਲਾਈ | ੯ 24 ਜੁਲਾਈ | ੧੦ 25 ਜੁਲਾਈ | ੧੧ 26 ਜੁਲਾਈ | ੧੨ 27 ਜੁਲਾਈ |
| ੧੩ 28 ਜੁਲਾਈ | ੧੪ 29 ਜੁਲਾਈ | ੧੫ 30 ਜੁਲਾਈ | ੧੬ 31 ਜੁਲਾਈ | ੧੭ 1 ਅਗਸਤ | ੧੮ 2 ਅਗਸਤ | ੧੯ 3 ਅਗਸਤ |
| ੨੦ 4 ਅਗਸਤ | ੨੧ 5 ਅਗਸਤ | ੨੨ 6 ਅਗਸਤ | ੨੩ 7 ਅਗਸਤ | ੨੪ 8 ਅਗਸਤ | ੨੫ 9 ਅਗਸਤ | ੨੬ 10 ਅਗਸਤ |
| ੨੭ 11 ਅਗਸਤ | ੨੮ 12 ਅਗਸਤ | ੨੯ 13 ਅਗਸਤ | ੩੦ 14 ਅਗਸਤ | ੩੧ 15 ਅਗਸਤ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ 15 ਸਤੰਬਰ | | | | | ੧ 16 ਅਗਸਤ | ੨ 17 ਅਗਸਤ |
| ੩ 18 ਅਗਸਤ | ੪ 19 ਅਗਸਤ | ੫ 20 ਅਗਸਤ | ੬ 21 ਅਗਸਤ | ੭ 22 ਅਗਸਤ | ੮ 23 ਅਗਸਤ | ੯ 24 ਅਗਸਤ |
| ੧੦ 25 ਅਗਸਤ | ੧੧ 26 ਅਗਸਤ | ੧੨ 27 ਅਗਸਤ | ੧੩ 28 ਅਗਸਤ | ੧੪ 29 ਅਗਸਤ | ੧੫ 30 ਅਗਸਤ | ੧੬ 31 ਅਗਸਤ |
| ੧੭ 1 ਸਤੰਬਰ | ੧੮ 2 ਸਤੰਬਰ | ੧੯ 3 ਸਤੰਬਰ | ੨੦ 4 ਸਤੰਬਰ | ੨੧ 5 ਸਤੰਬਰ | ੨੨ 6 ਸਤੰਬਰ | ੨੩ 7 ਸਤੰਬਰ |
| ੨੪ 8 ਸਤੰਬਰ | ੨੫ 9 ਸਤੰਬਰ | ੨੬ 10 ਸਤੰਬਰ | ੨੭ 11 ਸਤੰਬਰ | ੨੮ 12 ਸਤੰਬਰ | ੨੯ 13 ਸਤੰਬਰ | ੩੦ 14 ਸਤੰਬਰ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ 16 ਸਤੰਬਰ | ੨ 17 ਸਤੰਬਰ | ੩ 18 ਸਤੰਬਰ | ੪ 19 ਸਤੰਬਰ | ੫ 20 ਸਤੰਬਰ | ੬ 21 ਸਤੰਬਰ |
| ੭ 22 ਸਤੰਬਰ | ੮ 23 ਸਤੰਬਰ | ੯ 24 ਸਤੰਬਰ | ੧੦ 25 ਸਤੰਬਰ | ੧੧ 26 ਸਤੰਬਰ | ੧੨ 27 ਸਤੰਬਰ | ੧੩ 28 ਸਤੰਬਰ |
| ੧੪ 29 ਸਤੰਬਰ | ੧੫ 30 ਸਤੰਬਰ | ੧੬ 1 ਅਕਤੂਬਰ | ੧੭ 2 ਅਕਤੂਬਰ | ੧੮ 3 ਅਕਤੂਬਰ | ੧੯ 4 ਅਕਤੂਬਰ | ੨੦ 5 ਅਕਤੂਬਰ |
| ੨੧ 6 ਅਕਤੂਬਰ | ੨੨ 7 ਅਕਤੂਬਰ | ੨੩ 8 ਅਕਤੂਬਰ | ੨੪ 9 ਅਕਤੂਬਰ | ੨੫ 10 ਅਕਤੂਬਰ | ੨੬ 11 ਅਕਤੂਬਰ | ੨੭ 12 ਅਕਤੂਬਰ |
| ੨੮ 13 ਅਕਤੂਬਰ | ੨੯ 14 ਅਕਤੂਬਰ | ੩੦ 15 ਅਕਤੂਬਰ | ੩੧ 16 ਅਕਤੂਬਰ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ 17 ਅਕਤੂਬਰ | ੨ 18 ਅਕਤੂਬਰ | ੩ 19 ਅਕਤੂਬਰ |
| ੪ 20 ਅਕਤੂਬਰ | ੫ 21 ਅਕਤੂਬਰ | ੬ 22 ਅਕਤੂਬਰ | ੭ 23 ਅਕਤੂਬਰ | ੮ 24 ਅਕਤੂਬਰ | ੯ 25 ਅਕਤੂਬਰ | ੧੦ 26 ਅਕਤੂਬਰ |
| ੧੧ 27 ਅਕਤੂਬਰ | ੧੨ 28 ਅਕਤੂਬਰ | ੧੩ 29 ਅਕਤੂਬਰ | ੧੪ 30 ਅਕਤੂਬਰ | ੧੫ 31 ਅਕਤੂਬਰ | ੧੬ 1 ਨਵੰਬਰ | ੧੭ 2 ਨਵੰਬਰ |
| ੧੮ 3 ਨਵੰਬਰ | ੧੯ 4 ਨਵੰਬਰ | ੨੦ 5 ਨਵੰਬਰ | ੨੧ 6 ਨਵੰਬਰ | ੨੨ 7 ਨਵੰਬਰ | ੨੩ 8 ਨਵੰਬਰ | ੨੪ 9 ਨਵੰਬਰ |
| ੨੫ 10 ਨਵੰਬਰ | ੨੬ 11 ਨਵੰਬਰ | ੨੭ 12 ਨਵੰਬਰ | ੨੮ 13 ਨਵੰਬਰ | ੨੯ 14 ਨਵੰਬਰ | ੩੦ 15 ਨਵੰਬਰ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ 16 ਨਵੰਬਰ |
| ੨ 17 ਨਵੰਬਰ | ੩ 18 ਨਵੰਬਰ | ੪ 19 ਨਵੰਬਰ | ੫ 20 ਨਵੰਬਰ | ੬ 21 ਨਵੰਬਰ | ੭ 22 ਨਵੰਬਰ | ੮ 23 ਨਵੰਬਰ |
| ੯ 24 ਨਵੰਬਰ | ੧੦ 25 ਨਵੰਬਰ | ੧੧ 26 ਨਵੰਬਰ | ੧੨ 27 ਨਵੰਬਰ | ੧੩ 28 ਨਵੰਬਰ | ੧੪ 29 ਨਵੰਬਰ | ੧੫ 30 ਨਵੰਬਰ |
| ੧੬ 1 ਦਸੰਬਰ | ੧੭ 2 ਦਸੰਬਰ | ੧੮ 3 ਦਸੰਬਰ | ੧੯ 4 ਦਸੰਬਰ | ੨੦ 5 ਦਸੰਬਰ | ੨੧ 6 ਦਸੰਬਰ | ੨੨ 7 ਦਸੰਬਰ |
| ੨੩ 8 ਦਸੰਬਰ | ੨੪ 9 ਦਸੰਬਰ | ੨੫ 10 ਦਸੰਬਰ | ੨੬ 11 ਦਸੰਬਰ | ੨੭ 12 ਦਸੰਬਰ | ੨੮ 13 ਦਸੰਬਰ | ੨੯ 14 ਦਸੰਬਰ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ 15 ਦਸੰਬਰ | ੨ 16 ਦਸੰਬਰ | ੩ 17 ਦਸੰਬਰ | ੪ 18 ਦਸੰਬਰ | ੫ 19 ਦਸੰਬਰ | ੬ 20 ਦਸੰਬਰ | ੭ 21 ਦਸੰਬਰ |
| ੮ 22 ਦਸੰਬਰ | ੯ 23 ਦਸੰਬਰ | ੧੦ 24 ਦਸੰਬਰ | ੧੧ 25 ਦਸੰਬਰ | ੧੨ 26 ਦਸੰਬਰ | ੧੩ 27 ਦਸੰਬਰ | ੧੪ 28 ਦਸੰਬਰ |
| ੧੫ 29 ਦਸੰਬਰ | ੧੬ 30 ਦਸੰਬਰ | ੧੭ 31 ਦਸੰਬਰ | ੧੮ 1 ਜਨਵਰੀ | ੧੯ 2 ਜਨਵਰੀ | ੨੦ 3 ਜਨਵਰੀ | ੨੧ 4 ਜਨਵਰੀ |
| ੨੨ 5 ਜਨਵਰੀ | ੨੩ 6 ਜਨਵਰੀ | ੨੪ 7 ਜਨਵਰੀ | ੨੫ 8 ਜਨਵਰੀ | ੨੬ 9 ਜਨਵਰੀ | ੨੭ 10 ਜਨਵਰੀ | ੨੮ 11 ਜਨਵਰੀ |
| ੨੯ 12 ਜਨਵਰੀ | ੩੦ 13 ਜਨਵਰੀ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 14 ਜਨਵਰੀ | ੨ 15 ਜਨਵਰੀ | ੩ 16 ਜਨਵਰੀ | ੪ 17 ਜਨਵਰੀ | ੫ 18 ਜਨਵਰੀ |
| ੬ 19 ਜਨਵਰੀ | ੭ 20 ਜਨਵਰੀ | ੮ 21 ਜਨਵਰੀ | ੯ 22 ਜਨਵਰੀ | ੧੦ 23 ਜਨਵਰੀ | ੧੧ 24 ਜਨਵਰੀ | ੧੨ 25 ਜਨਵਰੀ |
| ੧੩ 26 ਜਨਵਰੀ | ੧੪ 27 ਜਨਵਰੀ | ੧੫ 28 ਜਨਵਰੀ | ੧੬ 29 ਜਨਵਰੀ | ੧੭ 30 ਜਨਵਰੀ | ੧੮ 31 ਜਨਵਰੀ | ੧੯ 1 ਫਰਵਰੀ |
| ੨੦ 2 ਫਰਵਰੀ | ੨੧ 3 ਫਰਵਰੀ | ੨੨ 4 ਫਰਵਰੀ | ੨੩ 5 ਫਰਵਰੀ | ੨੪ 6 ਫਰਵਰੀ | ੨੫ 7 ਫਰਵਰੀ | ੨੬ 8 ਫਰਵਰੀ |
| ੨੭ 9 ਫਰਵਰੀ | ੨੮ 10 ਫਰਵਰੀ | ੨੯ 11 ਫਰਵਰੀ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ 12 ਫਰਵਰੀ | ੨ 13 ਫਰਵਰੀ | ੩ 14 ਫਰਵਰੀ | ੪ 15 ਫਰਵਰੀ |
| ੫ 16 ਫਰਵਰੀ | ੬ 17 ਫਰਵਰੀ | ੭ 18 ਫਰਵਰੀ | ੮ 19 ਫਰਵਰੀ | ੯ 20 ਫਰਵਰੀ | ੧੦ 21 ਫਰਵਰੀ | ੧੧ 22 ਫਰਵਰੀ |
| ੧੨ 23 ਫਰਵਰੀ | ੧੩ 24 ਫਰਵਰੀ | ੧੪ 25 ਫਰਵਰੀ | ੧੫ 26 ਫਰਵਰੀ | ੧੬ 27 ਫਰਵਰੀ | ੧੭ 28 ਫਰਵਰੀ | ੧੮ 1 ਮਾਰਚ |
| ੧੯ 2 ਮਾਰਚ | ੨੦ 3 ਮਾਰਚ | ੨੧ 4 ਮਾਰਚ | ੨੨ 5 ਮਾਰਚ | ੨੩ 6 ਮਾਰਚ | ੨੪ 7 ਮਾਰਚ | ੨੫ 8 ਮਾਰਚ |
| ੨੬ 9 ਮਾਰਚ | ੨੭ 10 ਮਾਰਚ | ੨੮ 11 ਮਾਰਚ | ੨੯ 12 ਮਾਰਚ | ੩੦ 13 ਮਾਰਚ | | |

● ਸੰਗਰਾਂਦ | ● ਮੱਸਿਆ | ● ਪੂਰਨਮਾਸੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

| | |
|---|---|
| ਅਰੰਭਤਾ ਸੰਮਤ ਨਾਨਕਸ਼ਾਹੀ 556 | 01 ਚੇਤ |
| ਸ਼ਹੀਦੀ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ | 01 ਚੇਤ |
| ਸ. ਬਘੇਲ ਸਿੰਘ ਵੱਲੋਂ ਦਿੱਲੀ ਫ਼ਤਿਹ | 02 ਚੇਤ |
| ਸ਼ਹੀਦੀ ਸ. ਭਗਤ ਸਿੰਘ | 10 ਚੇਤ |
| ਸ਼ਹੀਦੀ ਭਾਈ ਸੁਬੇਗ ਸਿੰਘ ਭਾਈ ਸ਼ਾਹਬਾਜ਼ ਸਿੰਘ ਜੀ | 12 ਚੇਤ |
| ਹੋਲਾ ਮਹੱਲਾ | 13 ਚੇਤ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 25 ਚੇਤ |
| ਗੁਰਿਆਈ ਦਿਵਸ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ | 27 ਚੇਤ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ | 27 ਚੇਤ |
| ਜੋਤੀ-ਜੋਤਿ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 30 ਚੇਤ |
| ਜੋਤੀ-ਜੋਤਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 01 ਵੈਸਾਖ |
| ਖ਼ਾਲਸਾ ਸਾਜਣਾ ਦਿਵਸ (ਵੈਸਾਖੀ) | 01 ਵੈਸਾਖ |
| ਸਿੱਖ ਦਸਤਾਰ ਦਿਵਸ | 01 ਵੈਸਾਖ |
| ਜਨਮ ਦਿਹਾੜਾ ਭਗਤ ਧੰਨਾ ਜੀ | 08 ਵੈਸਾਖ |
| ਗੁਰਿਆਈ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 10 ਵੈਸਾਖ |
| ਜੋਤੀ-ਜੋਤਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 10 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 17 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 18 ਵੈਸਾਖ |
| ਸ਼ਹੀਦੀ ਜੋੜ-ਮੇਲਾ ਸ੍ਰੀ ਮੁਕਤਸਰ ਸਾਹਿਬ | 21 ਵੈਸਾਖ |
| ਜਨਮ ਸ. ਜੱਸਾ ਸਿੰਘ ਜੀ ਰਾਮਗੜ੍ਹੀਆ | 23 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 27 ਵੈਸਾਖ |
| ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫ਼ਤਿਹ ਦਿਵਸ | 30 ਵੈਸਾਖ |
| ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) | 03 ਜੇਠ |
| ਜਨਮ ਸ. ਜੱਸਾ ਸਿੰਘ ਜੀ ਆਹਲੂਵਾਲੀਆ | 05 ਜੇਠ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ | 09 ਜੇਠ |
| ਸ਼ਹੀਦੀ ਸਾਕਾ ਪਾਉਂਟਾ ਸਾਹਿਬ | 09 ਜੇਠ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 18 ਜੇਠ |
| ਘੱਲੂਘਾਰਾ ਸ੍ਰੀ ਅਕਾਲ ਤਖ਼ਤ ਸਾਹਿਬ (1984) | 22 ਜੇਠ |
| ਸ਼ਹੀਦੀ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲੇ ਤੇ ਭਾਈ ਅਮਰੀਕ ਸਿੰਘ ਜੀ | 24 ਜੇਠ |
| ਸ਼ਹੀਦੀ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 28 ਜੇਠ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 09 ਹਾੜ |
| ਜਨਮ ਦਿਹਾੜਾ ਭਗਤ ਕਬੀਰ ਜੀ | 09 ਹਾੜ |
| ਸ਼ਹੀਦੀ ਦਿਹਾੜਾ ਬਾਬਾ ਬੰਦਾ ਸਿੰਘ ਜੀ ਬਹਾਦਰ | 11 ਹਾੜ |
| ਸਿਰਜਣਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ | 13 ਹਾੜ |
| ਬਰਸੀ ਮਹਾਰਾਜਾ ਰਣਜੀਤ ਸਿੰਘ ਜੀ | 15 ਹਾੜ |
| ਸ਼ਹੀਦੀ ਦਿਹਾੜਾ ਭਾਈ ਮਨੀ ਸਿੰਘ ਜੀ | 25 ਹਾੜ |
| ਮੀਰੀ-ਪੀਰੀ ਦਿਵਸ ਪਾਤਸ਼ਾਹੀ ਛੇਵੀਂ | 01 ਸਾਵਣ |
| ਸ਼ਹੀਦੀ ਦਿਹਾੜਾ ਭਾਈ ਤਾਰੂ ਸਿੰਘ ਜੀ | 01 ਸਾਵਣ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 14 ਸਾਵਣ |
| ਮੋਰਚਾ ਗੁਰੂ ਕਾ ਬਾਗ (ਸ੍ਰੀ ਅੰਮ੍ਰਿਤਸਰ) | 24 ਸਾਵਣ |
| ਭਾਰਤ ਦਾ ਅਜ਼ਾਦੀ ਦਿਵਸ | 31 ਸਾਵਣ |
| ਜੋੜ-ਮੇਲਾ ਬਾਬਾ ਬਕਾਲਾ | 04 ਭਾਦੋਂ |
| ਸੰਪੂਰਨਤਾ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 14 ਭਾਦੋਂ |
| ਪਹਿਲਾ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 20 ਭਾਦੋਂ |
| ਗੁਰਿਆਈ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 21 ਭਾਦੋਂ |
| ਜੋਤੀ-ਜੋਤਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 22 ਭਾਦੋਂ |
| ਜੋੜ-ਮੇਲਾ ਗੁਰਦੁਆਰਾ ਕੰਧ ਸਾਹਿਬ ਤੇ ਗੁ: ਡੇਹਰਾ ਸਾਹਿਬ ਵਿਆਹ ਪੁਰਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ (ਬਟਾਲਾ) | 26 ਭਾਦੋਂ |
| ਗੁਰਿਆਈ ਦਿਵਸ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 01 ਅੱਸੂ |
| ਜੋਤੀ-ਜੋਤਿ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ (ਜੋੜ-ਮੇਲਾ ਗੋਇੰਦਵਾਲ ਸਾਹਿਬ) 450 ਸਾਲਾ | 03 ਅੱਸੂ |
| ਗੁਰਿਆਈ ਦਿਵਸ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 07 ਅੱਸੂ |
| ਜੋਤੀ-ਜੋਤਿ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ | 12 ਅੱਸੂ |
| ਦਰਬਾਰ ਖ਼ਾਲਸਾ (ਦੁਸਹਿਰਾ) | 27 ਅੱਸੂ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 03 ਕੱਤਕ |
| ਜਨਮ ਦਿਹਾੜਾ ਬਾਬਾ ਬੁੱਢਾ ਜੀ (ਕੱਥੂਨੰਗਲ) | 07 ਕੱਤਕ |
| ਜੋਤੀ-ਜੋਤਿ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 09 ਕੱਤਕ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 09 ਕੱਤਕ |
| ਸਾਕਾ ਪੰਜਾ ਸਾਹਿਬ (ਪਾਕਿਸਤਾਨ) | 14 ਕੱਤਕ |
| ਸ਼ਹੀਦੀ ਭਾਈ ਬੇਅੰਤ ਸਿੰਘ ਜੀ | 15 ਕੱਤਕ |
| ਬੰਦੀ ਛੋੜ ਦਿਵਸ (ਦੀਵਾਲੀ) | 16 ਕੱਤਕ |
| ਪੰਜਾਬੀ ਸੂਬਾ ਦਿਵਸ | 16 ਕੱਤਕ |
| ਗੁਰਿਆਈ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 18 ਕੱਤਕ |
| ਜਨਮ ਮਾਤਾ ਸਾਹਿਬ ਕੌਰ ਜੀ | 18 ਕੱਤਕ |
| ਜੋਤੀ-ਜੋਤਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ | 21 ਕੱਤਕ |
| ਜਨਮ ਦਿਹਾੜਾ ਭਗਤ ਨਾਮਦੇਵ ਜੀ | 27 ਕੱਤਕ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ | 30 ਕੱਤਕ |
| ਸ਼ਹੀਦੀ ਦਿਹਾੜਾ ਬਾਬਾ ਦੀਪ ਸਿੰਘ ਜੀ | 30 ਕੱਤਕ |
| ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ | 30 ਕੱਤਕ |
| ਅਕਾਲ ਚਲਾਣਾ ਭਾਈ ਮਰਦਾਨਾ ਜੀ | 13 ਮੱਘਰ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ | 15 ਮੱਘਰ |
| ਗੁਰਿਆਈ ਦਿਵਸ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ | 19 ਮੱਘਰ |
| ਸ਼ਹੀਦੀ ਦਿਹਾੜਾ ਬਾਬਾ ਗੁਰਬਖਸ਼ ਸਿੰਘ ਜੀ | 19 ਮੱਘਰ |
| ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 21 ਮੱਘਰ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ | 29 ਮੱਘਰ |
| ਸਥਾਪਨਾ ਦਿਵਸ ਸ਼੍ਰੋਮਣੀ ਅਕਾਲੀ ਦਲ | 29 ਮੱਘਰ |
| ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਛੱਡਣਾ | 06 ਪੋਹ |
| ਸ਼ਹੀਦੀ ਦਿਹਾੜਾ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) | 07 ਪੋਹ |
| ਸ਼ਹੀਦੀ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਹੋਰ ਸ਼ਹੀਦ | 08 ਪੋਹ |
| ਸ਼ਹੀਦੀ ਦਿਹਾੜਾ ਭਾਈ ਸੰਗਤ ਸਿੰਘ ਜੀ | 09 ਪੋਹ |
| ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ | 13 ਪੋਹ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਪੋਹ ਸੁਦੀ ਸਤਵੀਂ) | 23 ਪੋਹ |
| ਸ਼ਹੀਦੀ ਭਾਈ ਕੇਹਰ ਸਿੰਘ ਤੇ ਭਾਈ ਸਤਵੰਤ ਸਿੰਘ ਜੀ | 23 ਪੋਹ |
| ਨੀਂਹ ਪੱਥਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਅੰਮ੍ਰਿਤਸਰ) | 01 ਮਾਘ |
| ਜੋੜ-ਮੇਲਾ ਸ੍ਰੀ ਮੁਕਤਸਰ ਸਾਹਿਬ (ਮਾਘੀ) | 01 ਮਾਘ |
| ਜਨਮ ਦਿਹਾੜਾ ਬਾਬਾ ਦੀਪ ਸਿੰਘ ਜੀ | 14 ਮਾਘ |
| ਵਿਆਹ ਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਗੁਰੂ ਕਾ ਲਾਹੌਰ) | 20 ਮਾਘ |
| ਬਸੰਤ ਪੰਚਮੀ | 20 ਮਾਘ |
| ਵੱਡਾ ਘੱਲੂਘਾਰਾ ਕੁੱਪ-ਰਹੀੜਾ (ਸੰਗਰੂਰ) | 27 ਮਾਘ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 28 ਮਾਘ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ | 29 ਮਾਘ |
| ਜਨਮ ਦਿਹਾੜਾ ਭਗਤ ਰਵਿਦਾਸ ਜੀ | 01 ਫੱਗਣ |
| ਸਾਕਾ ਨਨਕਾਣਾ ਸਾਹਿਬ | 10 ਫੱਗਣ |
| ਜੈਤੋ ਦਾ ਮੋਰਚਾ (ਫਰੀਦਕੋਟ) | 10 ਫੱਗਣ |


## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

## ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

**2-20 Tunbridge Street, Preston, Lancashire PR1 5YP**
**Contact : 01772-798 395/07958 683 500**

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store






ਆਵਾਜ਼ਿ ਕੌਮ AWAZE QAUM
International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਕਲਜੁਗ ਮਹਿ ਕੀਰਤਨੁ ਪਰਧਾਨਾ॥ ਗੁਰਮੁਖਿ ਜਪੀਐ ਲਾਇ ਧਿਆਨਾ॥

ਵਿਸਾਖੀ 1978 ਅਤੇ ਜੂਨ 1984 ਦੇ ਸ਼ਹੀਦਾਂ ਦੀ 40 ਸਾਲਾ ਯਾਦ ਵਿੱਚ ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਵਿਖੇ

# ਸਲਾਨਾ ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ 25 ਮਾਰਚ ਤੋਂ 1 ਅਪ੍ਰੈਲ ਤੱਕ

# ਇੰਟਰਨੈਸ਼ਨਲ ਰੈਣ ਸਬਾਈ ਕੀਰਤਨ

## 30 ਮਾਰਚ ਐਤਵਾਰ ਸ਼ਾਮ 6:00 ਤੋਂ 1 ਅਪ੍ਰੈਲ 5:00 ਵਜੇ ਸਵੇਰ ਤੱਕ

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

ਗੁਰੂ ਪਿਆਰੀ ਸਾਧ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਖਾਲਸਾ ਪੰਥ ਦੇ ਸਿਰਜਨਾ ਦਿਵਸ ਵਿਸਾਖੀ ਅਤੇ 1978 ਦੇ ਸ਼ਹੀਦਾਂ ਦੀ ਯਾਦ ਵਿੱਚ ਆਯੋਜਿਤ ਕੀਤੇ ਜਾ ਰਹੇ ਸਾਲਾਨਾ ਇੰਟਰਨੈਸ਼ਨਲ ਕੀਰਤਨ ਸਮਾਗਮਾਂ ਵਿਚ ਕੀਰਤਨ ਦੀਆਂ ਹਾਜ਼ਰੀਆਂ ਭਰਨ ਲਈ ਦੇਸ਼ ਵਿਦੇਸ਼ ਤੋਂ ਬਹੁਤ ਸਾਰੇ ਉੱਘੇ ਕੀਰਤਨੀਏ ਪਹੁੰਚ ਰਹੇ ਹਨ। ਸਮੂਹ ਸਾਧ ਸੰਗਤ, ਗੁਰਦੁਆਰਾ ਸਾਹਿਬਾਨ ਦੇ ਸੇਵਾਦਾਰਾਂ ਅਤੇ ਸਮੂਹ ਸਿੱਖ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਸਮਾਗਮਾਂ ਵਿਚ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਸਿੰਘ ਸਭਾ ਡਰਬੀ ਵਿਖੇ ਪਹੁੰਚ ਕੇ ਹਾਜ਼ਰੀਆਂ ਭਰੋ ਅਤੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### ਪ੍ਰੋਗਰਾਮ ਦਾ ਵੇਰਵਾ : ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਸੋਮਵਾਰ 25 ਮਾਰਚ ਸਵੇਰੇ 6:00 ਵਜੇ – ਭੋਗ ਬੁੱਧਵਾਰ 27 ਮਾਰਚ ਸ਼ਾਮ 6:00 ਵਜੇ ਉਪ੍ਰੰਤ ਦੀਵਾਨ ਸਜੇਗਾ ਅਤੇ ਸ਼ਾਮ 6:00 ਤੋਂ 9:00 ਵਜੇ ਤੱਕ ਅਖੰਡ ਕੀਰਤਨ ਹੋਵੇਗਾ

### ਆਸਾ ਦੀ ਵਾਰ ਕੀਰਤਨ

ਵੀਰਵਾਰ 28 ਮਾਰਚ ਸਵੇਰੇ 6 ਵਜੇ ਆਰੰਭ
ਸ਼ੁੱਕਰਵਾਰ 29 ਮਾਰਚ ਸਵੇਰੇ 6 ਵਜੇ ਆਰੰਭ
ਸ਼ਨੀਵਾਰ 30 ਮਾਰਚ ਸਵੇਰੇ 6 ਵਜੇ ਆਰੰਭ

### ਸ਼ਾਮ ਨੂੰ ਪਾਠ ਰਹਿਰਾਸ ਤੇ ਕੀਰਤਨ

ਵੀਰਵਾਰ 28 ਮਾਰਚ ਸ਼ਾਮ 6:00 ਤੋਂ 9:00
ਸ਼ੁੱਕਰਵਾਰ 29 ਮਾਰਚ ਸ਼ਾਮ 6:00 ਤੋਂ 10:00
ਸ਼ਨੀਵਾਰ 30 ਮਾਰਚ ਸ਼ਾਮ 6:00 ਤੋਂ 12:00

# ਵਿਸ਼ੇਸ਼ ਪੰਥਕ ਗੋਸ਼ਟੀ

## 31 ਮਾਰਚ ਐਤਵਾਰ ਨੂੰ ਸਵੇਰੇ 11 ਤੋਂ 1 ਵਜੇ ਤੱਕ

ਹੇਠਾਂ ਲਿਖੇ ਬੁਲਾਰੇ ਵੱਖ ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕਰਨਗੇ

* ਪ੍ਰੋ: ਦਲਜੀਤ ਸਿੰਘ ਵਿਰਕ – ਅਖੰਡ ਕੀਰਤਨੀ ਜਥੇ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਯੋਗਦਾਨ
* ਪ੍ਰਿੰਸੀਪਲ ਸੁਰਿੰਦਰ ਸਿੰਘ ਸੰਘਾ – ਸਿੱਖ ਪੰਥ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਸਿੱਖਾਂ ਦਾ ਪੰਜਾਬ ਵਿੱਚ ਬੋਲਬਾਲਾ ਕਿਵੇਂ ਹੋਵੇ
* ਭਾਈ ਜੋਗਿੰਦਰ ਸਿੰਘ – ਗੁਰੂ ਡੰਮ੍ਹ, ਡੇਰਾਵਾਦ ਅਤੇ ਦੂਜੇ ਧਰਮਾਂ ਦਾ ਵੱਧ ਰਿਹਾ ਪ੍ਰਭਾਵ
* ਭਾਈ ਜੇਗਾ ਸਿੰਘ – 1978 ਅਤੇ ਜੂਨ 1984 ਦੇ ਸਾਕੇ ਅਤੇ ਪਾਕਿਸਤਾਨ ਵਿੱਚ ਗੁਰ ਅਸਥਾਨਾਂ ਦੀ ਹੋ ਰਹੀ ਕਾਰ ਸੇਵਾ ਬਾਰੇ ਚਾਨਣਾ ਪਾਉਣਗੇ
* ਭਾਈ ਬਲਬੀਰ ਸਿੰਘ ਬੈਂਸ – ਬੰਦੀ ਸਿੰਘਾਂ ਤੇ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦੀ ਰਿਹਾਈ
* ਮਨਪ੍ਰੀਤ ਸਿੰਘ (wsp)– ਖਾਲਸਾ ਹਲੇਮੀ ਰਾਜ ਦੀ ਜ਼ਰੂਰਤ ਤੇ ਸਰੋਕਾਰ (ਕਿਹੋ ਜਿਹਾ ਹੋਏਗਾ)
* ਤੇਜਾ ਸਿੰਘ – ਯੂ ਕੇ 'ਚ ਸਿੱਖ ਸਕੂਲਾਂ ਦਾ ਐਜੂਕੇਸ਼ਨ ਵਿੱਚ ਸਥਾਨ ਤੇ ਪ੍ਰਾਪਤੀਆਂ
* ਗੁਰਮੇਲ ਸਿੰਘ ਕੰਦੋਲਾ (ਸੁਪਰੀਮ ਸਿੱਖ ਕੌਂਸਲ) – ਬਰਤਾਨਵੀ ਸਰਕਾਰ ਵੱਲੋਂ ਅੱਤਵਾਦ ਸਬੰਧੀ ਬਣਾਏ ਗਏ ਨਵੇਂ ਕਾਨੂੰਨਾਂ ਦਾ ਸਿੱਖਾਂ ਉੱਤੇ ਅਸਰ ਹੋ ਸਕਦਾ ਹੈ
* ਰਣਜੀਤ ਸਿੰਘ ਰਾਣਾ – ਖਾਲਸਾ ਸਿਰਜਨਾ ਦੇ ਸੰਦਰਭ ਵਿੱਚ ਮੌਜੂਦਾ ਖਾਲਸਾ ਪੰਥ ਦੀ ਸਥਿਤੀ
* ਦੁਪਿੰਦਰਜੀਤ ਸਿੰਘ – ਖਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਰਣਨੀਤੀ ਕੀ ਹੋਵੇ
* ਡਾ: ਗੁਰਨਾਮ ਸਿੰਘ – ਸਿੱਖ ਮੀਡੀਆ ਦੀਆਂ ਜ਼ਿੰਮੇਵਾਰੀਆਂ ਅਤੇ ਚੁਣੌਤੀਆਂ




### ਅੰਮ੍ਰਿਤ ਸੰਚਾਰ 30 ਮਾਰਚ ਸ਼ਨਿਚਰਵਾਰ ਨੂੰ

30 ਮਾਰਚ 2024 ਦਿਨ ਸ਼ਨਿੱਚਰਵਾਰ ਨੂੰ ਦੁਪਹਿਰ 2:00 ਵਜੇ ਅੰਮ੍ਰਿਤ ਸੰਚਾਰ ਹੋ ਰਹੇ ਹਨ, ਅਭਿਲਾਖੀ ਸੱਜਣ ਤਿਆਰ ਬਰ ਤਿਆਰ ਹੋ, ਕੇਸ ਇਸ਼ਨਾਨ ਕਰ ਸਮੇਂ ਸਿਰ ਪਹੁੰਚਣ ਦੀ ਮਿਹਰਬਾਨੀ ਕਰਨ ਅਤੇ ਪ੍ਰਬੰਧਕਾਂ ਕੋਲ ਆਪਣੇ ਨਾਂ ਲਿਖਵਾ ਦੇਣ।



### ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਹਵਾਈ ਅੱਡੇ / ਟਰੇਨ ਸਟੇਸ਼ਨ ਤੋਂ ਲਿਆਉਣ ਲਈ
ਭਾਈ ਬਲਵੀਰ ਸਿੰਘ – 07908 266984
ਰਿਹਾਇਸ਼ ਦਾ ਪ੍ਰਬੰਧ – 07770 909680 / 07514 505239
ਨੋਟ:– ਆਪਣੇ ਸ਼ਹਿਰਾਂ ਵਿੱਚ ਟਰਾਂਸਪੋਰਟ ਬਾਰੇ ਜਾਣਕਾਰੀ ਲਈ ਅਖੰਡ ਕੀਰਤਨੀ ਜਥੇ ਦੇ ਸਥਾਨਕ ਸੇਵਾਦਾਰਾਂ ਨਾਲ ਸੰਪਰਕ ਕਰੋ ਜੀ

ਵੱਖ ਵੱਖ ਟੀ ਵੀ ਚੈਨਲਾਂ, ਸਿੰਘ ਸਭਾ ਯੂ ਟਿਊਬ ਅਤੇ ਅਖੰਡ ਕੀਰਤਨੀ ਜਥੇ ਦੇ ਇੰਟਰਨੈਟ ਰੇਡੀਓ ਵੱਲੋਂ ਸਮਾਗਮਾਂ ਦੀ ਕਵਰੇਜ ਦਿੱਤੀ ਜਾਵੇਗੀ

ਬੇਨਤੀ ਕਰਤਾ: **ਅਖੰਡ ਕੀਰਤਨੀ ਜਥਾ ਯੂ ਕੇ** – ਜਨਰਲ ਸੈਕਟਰੀ – ਭਾਈ ਦਲਜੀਤ ਸਿੰਘ ਵਿਰਕ
**ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ** – ਪ੍ਰਧਾਨ: ਭਾਈ ਰਘਬੀਰ ਸਿੰਘ, ਜ: ਸੈਕਟਰੀ: ਭਾਈ ਰਜਿੰਦਰ ਸਿੰਘ, ਖਜ਼ਾਨਚੀ: ਅਜੀਤ ਸਿੰਘ – 07533 362911

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

# ਇੱਕ ਨਜ਼ਰ



## ਜਥੇਦਾਰ ਦਾਦੂਵਾਲ ਦੇ ਹਰਿਆਣਾ ਧਰਮ ਪ੍ਰਚਾਰ ਕਮੇਟੀ ਦਾ ਮੁਖੀ ਬਣਨ ਨਾਲ ਧਰਮ ਪ੍ਰਚਾਰ ਪ੍ਰਸਾਰ ਬੁਲੰਦੀਆਂ ਨੂੰ ਛੂਹੇਗਾ : ਮਨਜੀਤ ਸਿੰਘ ਭੋਮਾ

ਨਵੀਂ ਦਿੱਲੀ, 30 ਮਾਰਚ (ਆਵਾਜ਼ਿ ਕੌਮ ਬਿਊਰੋ)- ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਵੀਂ ਟੀਮ ਸਰਬਸੰਮਤੀ ਨਾਲ ਚੁਣਨ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਬਣਨ ਦੀਆਂ ਮੁਬਾਰਕਾਂ ਦਿੱਤੀਆਂ ਹਨ ਉਹਨਾਂ ਕਿਹਾ ਕੇ ਜਥੇਦਾਰ ਦਾਦੂਵਾਲ ਜੀ ਦੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਬਣਨ ਨਾਲ ਧਰਮ ਪ੍ਰਚਾਰ ਪਸਾਰ ਦਾ ਕੰਮ ਬੁਲੰਦੀਆਂ ਨੂੰ ਛੂਹੇਗਾ ਉਨਾਂ ਕਿਹਾ ਕੇ ਇਸ ਤੋਂ ਪਹਿਲਾਂ ਵੀ ਜਥੇਦਾਰ ਦਾਦੂਵਾਲ ਜੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਹਿ ਚੁੱਕੇ ਹਨ ਜਿਨਾਂ ਨੇ ਆਪਣੇ ਕਾਰਜਕਾਲ ਦੌਰਾਨ ਗੁਰਦੁਆਰਿਆ ਦੇ ਪ੍ਰਬੰਧਾਂ ਨੂੰ ਸੁਧਾਰਿਆ,ਬਜ਼ਟ ਵਿੱਚ ਵਾਧਾ ਕੀਤਾ,ਗੁਰੂਘਰ ਦੀਆਂ ਜਾਇਦਾਦਾਂ ਤੇ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਛੁਡਵਾਇਆ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੇਸ ਸੁਪਰੀਮ ਕੋਰਟ ਵਿੱਚੋਂ ਜਿੱਤਿਆ, ਬਾਦਲਕਿਆਂ ਦੇ ਕਬਜ਼ੇ ਤੋਂ ਹਰਿਆਣਾ ਵਿਚਲੇ ਇਤਿਹਾਸਕ ਗੁਰਦੁਆਰਿਆਂ ਨੂੰ ਆਜ਼ਾਦ ਕਰਵਾਇਆ,ਧਰਮ ਪ੍ਰਚਾਰ ਪ੍ਰਸਾਰ ਵਿੱਚ ਤੇਜੀ ਲਿਆਂਦੀ ਹਰਿਆਣੇ ਦੇ ਸਿੱਖਾਂ ਦੇ ਮਾਣ ਅਤੇ ਸਤਿਕਾਰ ਨੂੰ ਵਧਾਇਆ ਇਸ ਤੋਂ ਇਲਾਵਾ ਉਹਨਾਂ ਗੁਰਸਿੱਖੀ ਨਾਲ ਸੰਗਤਾਂ ਅਤੇ ਸਿੱਖ ਨੌਜਵਾਨਾਂ ਨੂੰ ਜੋੜਿਆ ਅਤੇ ਅੰਮ੍ਰਿਤ ਛਕਾ ਕੇ ਕਈ ਉਪਲੱਬਧੀਆਂ ਹਾਸਲ ਕੀਤੀਆਂ ਪਰ ਇਹ ਵੀ ਸੱਚ ਹੈ ਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੇ ਹਰਿਆਣਾ ਕਮੇਟੀ ਤੋਂ ਲਾਂਭੇ ਹੋਣ ਤੋਂ ਬਾਅਦ ਗੁਰਦੁਆਰਿਆਂ ਦੇ ਪ੍ਰਬੰਧਾਂ ਦੇ ਸੁਧਾਰ ਵਿੱਚ ਅਤੇ ਧਰਮ ਪ੍ਰਚਾਰ ਪਸਾਰ ਦੇ ਵਿੱਚ ਇੱਕ ਵੱਡੀ ਖੜੋਤ ਆ ਗਈ ਸੀ ਹੁਣ ਜਥੇਦਾਰ ਦਾਦੂਵਾਲ ਜੀ ਦੇ ਧਰਮ ਪ੍ਰਚਾਰ ਦੇ ਮੁਖੀ ਬਨਣ ਨਾਲ ਹਰਿਆਣੇ ਦੇ ਸਿੱਖਾਂ ਵਿੱਚ ਮੁੜ ਨਵੀਂ ਜਾਗ੍ਰਿਤੀ ਤੇ ਚੇਤਨਤਾ ਪੈਦਾ ਹੋਵੇਗੀ ਇਸ ਜਾਗ੍ਰਿਤੀ ਲਹਿਰ ਵਿੱਚੋਂ ਅੰਮ੍ਰਿਤ ਪ੍ਰਚਾਰ ਪਸਾਰ ਦੀ ਇੱਕ ਵੱਡੀ ਲਹਿਰ ਪੈਦਾ ਹੋਵੇਗੀ ਜੋ ਪਤਿਤ ਸਿੱਖ ਨੌਜਵਾਨਾਂ ਨੂੰ ਸਿੱਖੀ ਅਤੇ ਧਰਮ ਨਾਲ ਜੋੜੇਗੀ।

## ਉੱਘੇ ਸਿੱਖ ਵਕੀਲ ਸ.ਅਮਰਜੀਤ ਸਿੰਘ ਭੱਚੂ ਨੂੰ ਸਦਮਾ, ਮਾਤਾ ਦਾ ਦਿਹਾਂਤ

ਲੰਡਨ , 30 ਮਾਰਚ ( ਸਰਬਜੀਤ ਸਿੰਘ ਬਨੂੜ)- ਯੂਕੇ ਦੇ ਉੱਘੇ ਸਿੱਖ ਵਕੀਲ ਸ ਅਮਰਜੀਤ ਸਿੰਘ ਭੱਚੂ ਦੇ ਸਤਿਕਾਰਯੋਗ ਮਾਤਾ ਜੀ ਗੁਰਮੇਜ ਕੋਰ ਭੱਚੂ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ।ਉਨ੍ਹਾਂ ਦਾ ਸੰਸਕਾਰ 8 ਅਪ੍ਰੈਲ ਨੂੰ ਸਲੋਹ ਵਿੱਚ ਕੀਤਾ ਜਾਵੇਗਾ। ਯੂ ਕੇ ਦੀਆਂ ਵੱਖ ਵੱਖ ਸਿੱਖ ਜਥੇਬੰਦੀਆਂ ਸਿੱਖ ਫੈਡਰੇਸਨ ਦੇ ਭਾਈ ਕੁਲਵੰਤ ਸਿੰਘ ਮੁਠੱਡਾ, ਸਲੋਹ ਦੇ ਸਾਬਕਾ ਮੇਅਰ ਸ ਜੋਗਿੰਦਰ ਸਿੰਘ ਬੱਲ, ਕੌਂਸਲਰ ਸ ਹਰਜਿੰਦਰ ਸਿੰਘ ਗਹੀਰ, ਸ ਬਲਵਿੰਦਰ ਸਿੰਘ ਢਿੱਲੋਂ, ਸਾਬਕਾ ਕੌਂਸਲਰ ਬੀਬੀ ਕਮਲਜੀਤ ਕੋਰ, ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂਕੇ ਦੇ ਕੋਆਰਡੀਨੇਟਰਜ਼ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ, ਭਾਈ ਗੁਰਮੇਜ ਸਿੰਘ ਗਿੱਲ, ਸਿੱਖ ਫੈਡਰੇਸ਼ਨ ਯੂਕੇ ਦੇ ਚੇਅਰਮੈਨ ਭਾਈ ਅਮਰੀਕ ਸਿੰਘ ਗਿੱਲ, ਬ੍ਰਿਟਿਸ਼ ਸਿੱਖ ਕੌਂਸਲ ਦੇ ਪ੍ਰਧਾਨ ਭਾਈ ਤਰਸੇਮ ਸਿੰਘ ਦਿਓਲ, ਸ਼੍ਰੋਮਣੀ ਅਕਾਲੀ ਦਲ ਯੂਕੇ ਦੇ ਪ੍ਰਧਾਨ ਭਾਈ ਗੁਰਦੇਵ ਸਿੰਘ ਚੋਹਾਨ, ਯੂਨਾਈਟਿਡ ਖਾਲਸਾ ਦਲ ਯੂਕੇ ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਦੇ ਪ੍ਰਧਾਨ ਭਾਈ ਜਸਪਾਲ ਸਿੰਘ ਬੈਂਸ, ਧਰਮਯੁੱਧ ਜਥਾ ਦਮਦਮੀ ਟਕਸਾਲ ਦੇ ਮੁੱਖੀ ਭਾਈ ਬਲਵਿੰਦਰ ਸਿੰਘ ਵੁਲਵਰਹੈਂਪਟਨ ਅਤੇ ਭਾਈ ਚਰਨ ਸਿੰਘ, ਬੱਬਰ ਅਕਾਲੀ ਆਰਗੇਨਾਈਜ਼ੇਸ਼ਨ ਯੂਕੇ ਦੇ ਜਥੇਦਾਰ ਜੋਗਾ ਸਿੰਘ ਨੇ ਸ ਭੱਚੂ ਨਾਲ ਮਾਤਾ ਜੀ ਦੇ ਵਿਛੋੜੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।



## ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਪ੍ਰਕਾਸ਼ਿਤ ਪੁਸਤਕ 'ਜੰਗ ਜਿੱਤਾਂਗੇ ਜ਼ਰੂਰ' ਅਦਾਕਾਰ ਗੁਰਪ੍ਰੀਤ ਘੁੱਗੀ ਅਤੇ ਮਲਕੀਤ ਰੌਣੀ ਨੂੰ ਭੇਟ ਕੀਤੀ



ਚੌਂਕ ਮਹਿਤਾ, 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)' ਪਫਟਾ ਫਿਲਮ ਐਸੋਸੀਏਸ਼ਨ ਵੱਲੋਂ ਸੀ, ਜੀ ਸੀ ਕਾਲਜ ਖਰੜ ਮੋਹਾਲੀ ਵਿਖੇ ਕੌਮਾਂਤਰੀ ਪੰਜਾਬੀ ਸਿਨੇਮਾ ਦਿਵਸ ਮਨਾਇਆ ਗਿਆ ਇਸ ਮੌਕੇ ਵੱਖ-ਵੱਖ ਕਲਾਕਾਰਾਂ ਵੱਲੋਂ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਪ੍ਰਸਿੱਧ ਕਮੇਡੀਅਨ ਅਭਿਨੇਤਾ ਗੁਰਪ੍ਰੀਤ ਘੁੱਗੀ ਅਤੇ ਪ੍ਰਸਿੱਧ ਅਦਾਕਾਰ ਮਲਕੀਤ ਰੌਣੀ ਨੂੰ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਚਾਰ ਸਕੱਤਰ ਸਕੱਤਰ ਸਿੰਘ ਪੁਰੇਵਾਲ ਵੱਲੋਂ ਸਭ ਦੇ ਮੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ ਪ੍ਰਕਾਸ਼ਿਤ ਪੁਸਤਕ "ਜੰਗ ਜਿੱਤਾਂਗੇ ਜ਼ਰੂਰ" ਪ੍ਰਸਿੱਧ ਅਦਾਕਾਰ ਗੁਰਪ੍ਰੀਤ ਘੁੱਗੀ ਅਤੇ ਮਲਕੀਤ ਰੌਣੀ ਨੂੰ ਭੇਟ ਕੀਤੀ ।ਇਸ ਮੌਕੇ ਗੁਰਪ੍ਰੀਤ ਘੁੱਗੀ ਨੇ ਸ਼ੇਲਿੰਦਰਜੀਤ ਸਿੰਘ ਰਾਜਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਮੂਹ ਮੈਂਬਰਾਂ ਨੂੰ ਵਧਾਈ ਦਿੱਤੀ । ਇਸ ਮੌਕੇ ਪ੍ਰਸਿੱਧ ਅਦਾਕਾਰ ਮਲਕੀਤ ਰੌਣੀ ਨੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆ ਕਿਹਾ ਕਿ ਅੱਜ ਸਮਾਜ ਨੂੰ ਅਜਿਹੀਆਂ ਪੁਸਤਕਾਂ ਦੀ ਬਹੁਤ ਲੋੜ ਹੈ । ਇਸ ਮੌਕੇ ਉਨ੍ਹਾਂ ਨਾਲ ਪੰਜਾਬੀ ਫਿਲਮ ਐਸੋਸੀਏਸ਼ਨ ਦੇ ਸਰਪ੍ਰਸਤ ਮੈਡਮ ਨਿਰਮਲ ਰਿਸ਼ੀ, ਅਦਾਕਾਰ ਸਵਿੰਦਰ ਮਾਹਲ, ਸਰਦਾਰ ਸੋਹੀ, ਰੁਪਿੰਦਰ ਕੌਰ ਰੂਪੀ, ਗੁਰਪ੍ਰੀਤ ਕੌਰ ਭੰਗੂ, ਰਾਜ ਧਾਲੀਵਾਲ, ਗੁਰਲੀਨ ਕੰਗ ਪੁਰੇਵਾਲ, ਰਾਣਾ ਜੰਗ ਬਹਾਦਰ, ਭਾਰਤ ਭੂਸ਼ਨ ਵਰਮਾ, ਜਗਦਰਸ਼ਨ ਸਮਰਾ, ਆਦਿ ਕਲਾਕਾਰ ਹਾਜ਼ਰ ਸਨ ।




### ਗਰਾਮਰ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ

## ਸਕੂਲ ਦੇ ਨਵੇਂ ਸੈਸ਼ਨ ਲਈ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) : ਗਰਾਮਰ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ ਸਕੂਲ ਦੇ ਨਵੇਂ ਸੈਸ਼ਨ ਲਈ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਕਰਵਾਇਆ ਗਿਆ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਜੀ ਵੱਲੋਂ ਕਥਾ ਕਰਦਿਆਂ ਆਖਿਆ ਕਿ ਅਜੋਕੇ ਸਮੇਂ ਵਿਚ ਬੱਚੇ ਜਿਵੇਂ ਗੁਰੂ ਕੁਲ ਜਾਂ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾਧੀ ਤੋਂ ਸਿੱਖਿਆ ਲੈਂਦੇ ਸੀ ਜਿਵੇਂ ਕਿ ਅੱਜ ਕੱਲ ਵੱਡੇ ਵੱਡੇ ਸਕੂਲ ਹਨ ਅਤੇ ਮਾਂ ਬਾਪ ਆਪਣੇ ਬੱਚਿਆਂ ਨੂੰ ਸਕੂਲਾਂ, ਕਾਲਜਾਂ ਵਿਚ ਪੜਨ ਲਈ ਭੇਜਦੇ ਹਨ, ਜਿਥੇ ਕਿ ਅੱਜ ਕੱਲ ਏ.ਸੀ ਜਾਂ ਪੱਖੇ ਲੱਗੇ ਹੋਏ ਹਨ, ਪਰ ਉਸ ਸਮੇਂ ਵਿਚ ਵਿਦਿਆਰਥੀ ਨੂੰ ਸਾਦਾ ਭੋਜਨ ਸਾਦਾ ਰਹਿਣਾ ਅਤੇ ਦਰਖਤਾਂ ਥੱਲੇ ਬੈਠ ਕੇ ਪੜ੍ਹਾਈ ਕਰਦੇ ਸਨ ਅਤੇ ਪੜਾਈ ਪੂਰੀ ਹੋਣ ਤੇ ਗੁਰੂ ਦਖਸ਼ਣਾ ਆਪਣੇ ਗੁਰੂ ਨੂੰ ਦੇ ਕੇ ਜਾਂਦੇ ਸੀ, ਪਹਿਲਾਂ ਲੋਕ ਸਾਦੇ ਰਹਿੰਦੇ ਸੀ, ਸਾਦਾ ਭੋਜਨ ਖਾਂਦੇ ਸੀ, ਪਰ ਅੱਜ ਦੇ ਬੱਚੇ ਨਿਊਡਲ, ਪੀਜਾ ਅਤੇ ਹੋਰ ਪਤਾ ਨਹੀਂ ਕੀ ਕੁਝ ਖਾਦਾ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਡੇ ਮਾਂ-ਬਾਪ ਦਾ ਫਰਜ ਬਣਦਾ ਹੈ ਕਿ ਉਹ ਆਪਣੇ ਬੱਚੇ ਵੱਲ ਉਚੇਚਾ ਧਿਆਨ ਦੇਣ ਅਤੇ ਆਪਣੇ ਬੱਚਿਆਂ ਨੂੰ ਨਸ਼ੇ ਤੋਂ ਰਹਿਤ ਰਖਣ।ਉਨ੍ਹਾਂ ਸਕੂਲ ਟੀਚਰਾਂ ਨੂੰ ਬੇਨਤੀ ਕੀਤੀ ਕਿ ਉਹ ਪੜਾਈ ਦੇ ਨਾਲ-ਨਾਲ ਧਾਰਮਿਕ ਵਿਦਿਆ ਦੇਣ। ਇਸ ਮੌਕੇ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਿੰਸੀਪਲ ਹਰਚਰਨ ਸਿੰਘ ਸਾਮਾ ਨੇ ਸਮੂਹ ਆਏ ਹੋਏ ਪਤਵੰਤੇ ਪੱਤਰਕਾਰਾਂ, ਸਮਾਜ ਸੇਵੀ ਸੰਸਥਾਵਾਂ ਅਤੇ ਵੱਖ-ਵੱਖ ਆਏ ਹੋਏ ਸਕੂਲਾਂ ਦੇ ਪ੍ਰਿੰਸੀਪਲ, ਸਕੂਲ ਦਾ ਸਟਾਫ ਬੱਚੇ ਬਚਿਆਂ ਦੇ ਮਾਂ-ਬਾਪ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਵੱਧ ਤੋਂ ਵੱਧ ਬੱਚਿਆਂ ਨੂੰ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਵਿਚ ਦਾਖਲ ਕਰਵਾਉਣ, ਜਿਸ ਦਾ ਰਿਜਲਟ ਹਮੇਸ਼ਾ ਸਭ ਤੋਂ ਵਧੀਆ ਆਉਂਦਾ ਹੈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

### ਸੀਨੀਅਰ ਸਿਟੀਜਨ ਕੌਂਸਲ ਵੱਲੋਂ ਮਾਰਚ ਮਹੀਨੇ ਦੇ

## ਅਹੁੱਦੇਦਾਰ ਅਤੇ ਮੈਂਬਰਾਂ ਦਾ ਜਨਮ ਦਿਨ ਮਨਾਇਆ ਗਿਆ



ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ):- ਸੀਨੀਅਰ ਸਿਟੀਜਨ ਕੌਂਸਲ ਵੱਲੋਂ ਮਾਰਚ ਮਹੀਨੇ ਦੇ ਮੈਂਬਰਾਂ ਦੇ ਜਨਮ ਦਿਨ ਮਨਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੰਗਾ ਰੰਗ ਪ੍ਰੋਗਰਾਮ, ਜਿਸ ਵਿਚ ਗੀਤ, ਸੰਗੀਤ, ਨਚਣਾ ਅਤੇ ਭਜਨ ਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਅਤੇ ਜਿਹੜੇ 11 ਵਜੇ ਮੈਂਬਰ ਪਹੁੰਚੇ, ਉਨ੍ਹਾਂ ਦਾ ਲੱਕੀ ਡਰਾਅ ਕੱਢਿਆ ਗਿਆ ਅਤੇ ਜਿਹੜੇ ਜਨਮ ਦਿਨ ਵਾਲੇ ਮੈਂਬਰ ਸ਼ਾਮਿਲ ਹੋਏ ਉਨ੍ਹਾਂ ਦਾ ਵੀ ਲੱਕੀ ਡਰਾਅ ਕੱਢਿਆ ਗਿਆ। ਇਸ ਮੌਕੇ ਤੇ ਮੁੱਖ ਮਹਿਮਾਨ ਸ੍ਰੀ ਜਮ ਲਾਲ ਕੱਕੜ ਅਤੇ ਡਾ: ਢਿੱਲੋਂ ਚਮੜੀ ਦੇ ਮਾਹਿਰ ਡਾਕਟਰ ਨੇ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਤੇ ਮਾਰਚ ਮਹੀਨੇ ਦੇ ਮੈਂਬਰਾਂ ਜਿਨ੍ਹਾਂ ਹਰਬੰਸ ਸਿੰਘ, ਰਮੇਸ਼ ਚੰਦ ਗੋਇਲ, ਮਦਨ ਲਾਲ ਤਿਵਾੜੀ, ਯਸ਼ਪਾਲ ਸ਼ਰਮਾ, ਓਮ ਪ੍ਰਕਾਸ਼ ਢੱਲ, ਰਾਮ ਕਰਨ, ਜਗਦੀਸ਼ ਲਾਲ ਵੋਹਰਾ, ਖਾਨ ਚੰਦ ਵਧਾਵਨ, ਮਲਕੀਤ ਸਿੰਘ ਧਾਲੀਵਾਲ, ਸੁਸ਼ੀਲ ਕੁਮਾਰ ਕਾਲੀਆ, ਸਮਸ਼ੇਰ ਸਿੰਘ ਅਰੋੜਾ, ਵਿਜੇ ਕੁਮਾਰ ਗਲਤਹੋਤਰਾ, ਓਮ ਪ੍ਰਕਾਸ਼ ਬਜਾਜ, ਰਵਿੰਦਰ ਕਪੂਰ, ਪ੍ਰੇਮ ਧਵਨ, ਸੰਦੀਪ ਕੁਮਾਰ ਸਿਕਰੀ, ਸੁਭਾਸ਼ ਚੰਦਰ, ਮੱਖਣ ਲਾਲ, ਸਤੀਸ਼ ਕੁਮਾਰ ਪੁਰੀ, ਡਾ: ਕਮਲ ਕਾਂਤ, ਰਾਮ ਸਰੂਪ, ਗੀਤਾ ਆਰੀਆ, ਹਰੀਸ਼ ਚੰਦਰ ਅਹੁਜਾ, ਸੁਖਵਿੰਦਰ ਸਿੰਘ ਬੀ.ਪੀ.ਈ.ਓ, ਸੋਹਣ ਸਿੰਘ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਮੁੱਖ ਮਹਿਮਾਨ ਸ੍ਰੀ ਸ਼ਾਮ ਕੱਕੜ ਨੇ ਬੋਲਦਿਆਂ ਕਿਹਾ ਕਿ ਸੀਨੀਅਰ ਸਿਟੀਜਨ ਕੌਂਸਲ ਜ਼ੋ ਕਿ ਇਕ ਬਹੁਤ ਹੀ ਵਧੀਆ ਕੰਮ ਕਰਦੀ ਆ ਰਹੀ ਹੈ ਅਤੇ ਹਰ ਸੀਨੀਅਰ ਮੈਂਬਰ ਇਕੱਠੇ ਹੋ ਕੇ ਰਲ ਮਿਲ ਕੇ ਆਪਣਾ ਵਧੀਆ ਟਾਈਮ ਪਾਸ ਕਰਦੇ ਹਨ, ਜਿਸ ਨਾਲ ਬਜੁਰਗ ਸੀਨੀਅਰ ਸਿਟੀਜਨ ਕੌਂਸਲ ਦੇ ਮੈਂਬਰਾਂ ਵਿਚ ਕਾਫੀ ਖੁਸ਼ੀ ਪਾਈ ਜਾਂਦੀ ਹੈ। ਇਸ ਮੌਕੇ ਤੇ ਚਮੜੀ ਰੋਗਾਂ ਦੇ ਮਾਹਿਰ ਡਾ: ਢਿੱਲੋਂ ਨੇ ਬੋਲਦਿਆਂ ਕਿਹਾ ਕਿ ਮੈਨੂੰ ਇਥੇ ਆ ਕੇ ਬਹੁਤ ਖੁਸ਼ੀ ਹੋਈ ਹੈ ਕਿ ਸੀਨੀਅਰ ਸਿਟੀਜਨ ਕੌਂਸਲ ਦੇ ਸਮੂਹ ਮੈਂਬਰ ਇਕ ਪਲੇਟਫਾਰਮ ਤੇ ਇਕੱਠੇ ਹੋ ਕੇ ਰਲ ਮਿਲ ਕੇ ਖੁਸ਼ੀ ਮਨਾਉਂਦੇ ਹਨ, ਉਨ੍ਹਾਂ ਸ੍ਰੀ ਪੀ.ਡੀ ਸ਼ਰਮਾ ਪ੍ਰਧਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਸਮੂਹ ਮੈਂਬਰਾਂ ਨੂੰ ਨਾਲ ਲੈ ਕੇ ਉਨ੍ਹਾਂ ਦਾ ਜਨਮ ਦਿਨ ਮਨਾਉਂਦੇ ਹਨ।ਉਨ੍ਹਾਂ ਅੱਗੇ ਕਿਹਾ ਕਿ ਜ਼ੋ ਵੀ ਸੀਨੀਅਰ ਸਿਟੀਜਨ ਕੌਂਸਲ ਦਾ ਮੈਂਬਰ ਚਮੜੀ ਰੋਗ ਤੋਂ ਪੀੜਤ ਹੋਵੇ ਉਹਦਾ ਇਲਾਜ ਮੈ ਮੁਫਤ ਕਰਾਂਗਾ। ਇਸ ਮੌਕੇ ਤੇ ਸੀਨੀਅਰ ਸਿਟੀਜਨ ਕੌਂਸਲ ਦੇ ਪ੍ਰਧਾਨ ਪੀ.ਡੀ ਸ਼ਰਮਾ ਨੇ ਸਮੂਹ ਆਏ ਹੋਏ ਮੁੱਖ ਮਹਿਮਾਨ ਦਾ ਅਤੇ ਖਾਸ ਕਰਕੇ ਡਾ: ਢਿੱਲੋਂ ਦਾ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਲੰਗਰ ਵੀ ਵਰਤਾਇਆ ਗਿਆ।

# ਇੱਕ ਨਜ਼ਰ



## ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਗੁਰਦਆਰਾ ਚੋਲਾ ਸਾਹਿਬ ਪਿੰਡ ਕਾਲੇਕੇ ਹਰ ਸਾਲ ਦੀ ਤਰ੍ਹਾਂ ਮੇਲਾ ਮਨਾਇਆ ਗਿਆ

ਚੌਕ ਮਹਿਤਾ, 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਹਰ ਸਾਲ ਦੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਚੋਲਾ ਸਾਹਿਬ ਵਿਖੇ ਧਾਰਮਿਕ ਜੋੜ ਮੇਲਾ ਮਨਾਇਆ ਗਿਆ ਜਿਸ ਵਿੱਚ ਕਬੱਡੀ ਕੱਪ ਵੀ ਕਰਵਾਇਆ ਗਿਆ ਇਸ ਕਬੱਡੀ ਕੱਪ ਦੇ ਮੁੱਖ ਮਹਿਮਾਨ ਸਾਡੇ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਉਨ੍ਹਾਂ ਦੇ ਨਾਲ ਵਪਾਰ ਮੰਡਲ ਵਿੰਗ ਜ਼ਿਲ੍ਹਾ ਵਾਈਸ ਪ੍ਰਧਾਨ ਹਰਜਿੰਦਰ ਸਿੰਘ ਉਸਮਾ ਸੰਤ ਬਾਬਾ ਨਿਸ਼ਾਨ ਸਿੰਘ ਕਾਲੇਕੇ, ਗੁਰਚਰਨ ਸਿੰਘ ਰਾਣਾ ਸਰਪੰਚ ਕਾਲੇਕੇ ,ਚੇਅਰਮੈਨ ਹਰਜਿੰਦਰ ਸਿੰਘ ਬੱਬੂ ਸੁਰਜੀਤ ਸਿੰਘ ਕੰਗ ਸਟੇਟ ਜੁਆਇੰਟ ਸੈਕਟਰੀ ਕਿਸਾਨ ਵਿੰਗ ਮੀਡੀਆ ਇੰਚਾਰਜ ਬੂਟਾ ਸਿੰਘ ਜਲਾਲ ਉਸਮਾ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਰੁਮਾਣਾਚੱਕ ਆਦਿ ਸੰਗਤਾਂ ਅਤੇ ਲੀਡਰ ਹੋਰ ਪਿੰਡ ਕਾਲੇਕੇ ਦੇ ਸਰਪੰਚ ਪੰਚ ਅਤੇ ਹੋਰ ਵੀ ਅਹੁਦੇਦਾਰ ਤੇ ਹਜ਼ਾਰਾਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰ ਸਿਮਰਨਜੀਤ ਸਿੰਘ ਮਾਨ ਸਿਖ ਕੌਮ ਖ਼ਾਤਰ ਸ਼ਾਹੀ ਜਿੰਦਗੀ ਤਿਆਗ ਕੇ ਅੱਜ ਤੱਕ ਜੂਝ ਰਹੇ ਹਨ : ਸ਼ਮਸ਼ੇਰ ਸਿੰਘ ਪੱਧਰੀ

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਅੰਮ੍ਰਿਤਸਰ ਜਿਲੇ ਪ੍ਰੈਸ ਸਕੱਤਰ ਸ੍ਰ ਸ਼ਮਸ਼ੇਰ ਸਿੰਘ ਪੱਧਰੀ ਨੇ ਸਿੱਖ ਕੌਮ ਦੇ ਬਜ਼ੁਰਗ ਜਰਨੈਲ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆ ਹੋਇਆ ਕਿਹਾ ਸ੍ਰ ਮਾਨ ਇਕੋ ਇਕ ਵਾਹਿਦ ਸ਼ਖਸ ਹਨ ਜੋ ਨੇ ਸਿੱਖ ਕੌਮ ਖ਼ਾਤਰ ਅਫਸਰਸ਼ਾਹੀ ਵਾਲੀ ਜਿੰਦਗੀ ਤਿਆਗ ਕੇ ਅੱਜ ਤੱਕ ਜੂਝ ਰਹੇ ਹਨ। ਸ੍ਰ ਪੱਧਰੀ ਨੇ ਜਜ਼ਬਾਤੀ ਹੁੰਦਿਆ ਹੋਇਆਂ ਉਹਨਾਂ ਦੀ ਜਿੰਦਗੀ ਬਾਰੇ ਗਹਿਰੇ ਉਲੇਖ ਕੀਤੇ ਅਤੇ ਕਿਹਾ ਕਿ :- *ਪਲਕ ਝਪਕਦਿਆਂ ਬਦਲਣ ਵਾਲੇ, ਜਮੀਰਾਂ ਦੇ ਸੌਦੇ ਕਰਨ ਵਾਲੇ, ਸਵਾਰਥ ਖ਼ਾਤਰ ਕੌਮ ਨੂੰ ਧੋਖਾ ਦੇਣ ਵਾਲਿਆਂ ਦੀ ਲੰਮੀ ਕਤਾਰ ਹੈ, ਪਰ ਇਕ ਸ਼ਖਸ ਹੈ ਦਹਾਕੇ ਗੁਜ਼ਰੇ,



ਤਾਨਾਸ਼ਾਹ ਬਦਲੇ ਜਿਸਦੀ ਤਸਵੀਰ ਬਦਲੀ ਜ਼ਮੀਰ ਨਹੀਂ ਬਦਲਿਆ।* *ਸਾਦਾ ਲਿਬਾਸ ਤੇ ਦਸਤਾਰ ਦੇ ਵੱਟ ਸਵਾਰਥ ਤੋਂ ਕੋਹਾਂ ਦੀ ਦੂਰੀ ਦਾ ਪਤਾ ਦਸਦੇ ਹਨ,* *ਚਹਿਰੇ ਦੀਆਂ ਲਕੀਰਾਂ ਕੌਮੀ ਦਰਦ ਤੇ ਪਿੰਡੇ ਤੇ ਹੰਡਾਏ ਜ਼ਖ਼ਮਾਂ ਦਾ ਪੈਂਡਾ ਦਸਦੀਆਂ ਨੇ,* *ਬੁੱਢੇ ਹੱਥਾਂ ਚ' ਸ੍ਰੀ ਸਾਹਿਬ ਕੇਸਰੀ ਨਿਸ਼ਾਨ ਪ੍ਰਤੀ ਸਮਰਪਣ ਦਰਸਾਉਂਦੀਆਂ ਹੈ ਤੇ* *ਅੱਖਾਂ ਦੀਆਂ ਗਹਿਰਾਈਆਂ ਆਪਣੇਂ ਕੌਮੀ ਘਰ ਦੀ ਦੂਰੀ ਨਾਪਦੀਆਂ ਨਜ਼ਰ ਆਉਂਦੀਆਂ ਨੇ।*

**ਸਿੱਖ ਕੌਮ ਦੇ ਐਸੇ ਪਾਕ-ਸਾਫ਼ ਅਫ਼ਸਰ, ਸੁਹਿਰਦ ਲੀਡਰ ਨੂੰ ਸੈਲਿਊਟ ਹੈ**

ਆਵਾਜ਼ਿ ਕੌਮ AWAZE QAUM International Newspaper & WEB TV

## ਸ. ਅਰਜਨ ਸਿੰਘ, ਮਾ. ਨਿਰਮਲ ਸਿੰਘ ਮਾ. ਝਿਰਮਲ ਸਿੰਘ ਚੰਨਣਕੇ ਦੀ ਯਾਦ ਵਿੱਚ ਪੰਜ ਲੋੜਵੰਦ ਲੜਕੀਆਂ ਦੇ ਵਿਆਹ ਆਨੰਦ ਕਾਰਜ ਅੱਜ



ਚੌਕ ਮਹਿਤਾ 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਅੱਜ 31 ਮਾਰਚ ਦਿਨ ਐਤਵਾਰ ਨੂੰ ਪਿੰਡ ਚੰਨਣਕੇ ਦੇ ਐਨ, ਆਰ, ਈ ਸੁਖਰਾਜ ਸਿੰਘ ਰੰਧਾਵਾ ਅਤੇ ਵਾਰਿਸ ਬਲਿਹਾਰ ਸਿੰਘ ਰੰਧਾਵਾ ਨੇ ਆਪਣੇ ਬਜੁਰਗਾਂ ਹਉਲਦਾਰ ਸ, ਅਰਜਨ ਸਿੰਘ( ਦਾਦਾ) ਅਤੇ ਮਾਸਟਰ ਸ, ਨਿਰਮਲ ਸਿੰਘ( ਤਾਇਆ )ਮਾਸਟਰ ਸ, ਝਿਰਮਲ ਸਿੰਘ ਜੀ( ਪਿਤਾ)ਦੀ ਯਾਦ ਵਿੱਚ ਪਿੰਡ ਚੰਨਣਕੇ ਵਿੱਚ ਪੰਜ ਲੋੜਵੰਦ ਲੜਕੀਆਂ ਦੇ ਆਨੰਦ ਕਾਰਜਾਂ ਦੀ ਸੇਵਾ ਲਈ ਹੈ। ਪੱਤਰਕਾਰਾ ਨਾਲ ਗੱਲ ਬਾਤ ਕਰਦਿਆਂ ਹੋਇਆਂ ਸੁਖਰਾਜ ਸਿੰਘ ਰੰਧਾਵਾ ਐਨ, ਆਰ, ਆਈ, ਅਤੇ ਵਾਰਿਸ ਬਲਿਹਾਰ ਸਿੰਘ ਰੰਧਾਵਾ ਐਨ, ਆਰ ਆਈ, ਕਿਹਾ ਕਿ ਲੋੜਵੰਦਾਂ ਲੜਕੀਆਂ ਨੂੰ ਘਰ ਵਰਤਨ ਵਾਲਾ ਕੁਝ ਸਮਾਨ ਵੀ ਦਿੱਤਾ ਜਾਵੇਗਾ। ਅਤੇ ਆਈਆਂ ਸੰਗਤਾਂ ਨੂੰ ਗੁਰੂ ਜੀ ਦੇ ਲੰਗਰ ਆਤੁਟ ਵਰਤੇਗਾ। ਇਲਾਕੇ ਦੀਆਂ ਸਮੂਹ ਮੋਹਤਬਰ ਹਾਜਰੀਆ ਭਰਨਗੇ।

## ਥਾਣਾ ਜੀ.ਆਰ.ਪੀ ਦੇ ਇੰਚਾਰਜ ਬਲਵੀਰ ਸਿੰਘ ਨੂੰ ਕੀਤਾ ਸਨਮਾਨਿਤ

ਚੌਕ ਮਹਿਤਾ30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ ) - ਉੱਘੇ ਸਮਾਜ ਸੇਵਕ ਅਤੇ ਸਵਰਨਕਾਰ ਆਗੂ ਕੰਵਲਜੀਤ ਸਿੰਘ ਦੀ ਅਗਵਾਈ ਵਿੱਚ ਪੁਲਿਸ ਸਟੇਸ਼ਨ ਜੀ.ਆਰ.ਪੀ ਦੇ ਐਸ.ਐਚ.ਓ ਬਲਵੀਰ ਸਿੰਘ ਘੁੰਮਣ ਨੂੰ ਵਧੀਆ ਸੇਵਾਵਾਂ ਦੇ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਉੱਘੇ ਚਿੱਤਰਕਾਰ ਰਾਜਪਾਲ ਸੁਲਤਾਨ ਅਤੇ ਸੀਨੀਅਰ ਪੱਤਰਕਾਰ ਕੰਵਲਜੀਤ ਸਿੰਘ ਵਾਲੀਆ, ਮਨਦੀਪ ਸਿੰਘ ਵੀ ਹਾਜ਼ਰ ਸਨ।ਇਸ ਮੌਕੇ ਕੰਵਲਜੀਤ ਸਿੰਘ ਨੇ ਕਿਹਾ ਕਿ ਸਾਨੂੰ ਬਲਵੀਰ ਸਿੰਘ ਵਰਗੇ ਪੁਲਿਸ ਅਫਸਰਾਂ 'ਤੇ ਮਾਣ ਹੈ ਜਿਹੜੇ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾ ਕੇ ਲੋਕਾਂ ਦੀਆਂ ਮੁਸ਼ਿਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਦੇ ਹਨ ਉਨ੍ਹਾ ਕਿਹਾ ਕਿ ਅਜਿਹੇ ਅਫਸਰ ਦੂਸਰਿਆਂ ਲਈ ਮਿਸਾਲ ਹਨ।ਇਸ ਮੌਕੇ ਬਲਵੀਰ ਸਿੰਘ ਨੇ ਕਿਹਾ ਕਿ ਸੀਨੀਅਰ ਅਧਿਕਾਰੀਆਂ ਦੇ ਹੁਕਮਾਂ ਦੀ ਇੰਨ-ਬਿਨ ਪਾਲਨਾ ਕਰਦੇ ਹੋਏ ਅਸੀਂ ਲੋਕਾਂ ਨੂੰ ਵਧੀਆ ਸੇਵਾਵਾਂ ਦੇਣ ਲਈ ਪੂਰੀ ਤਰ੍ਹਾ ਵਚਨਬੰਧ ਹਾਂ, ਜੀ.ਆਰ.ਪੀ ਅਧੀਨ ਆਉਂਦੇ ਖੇਤਰ ਵਿੱਚ ਕਿਸੇ ਨੂੰ ਕਿਸੇ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।



### ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਵਿੱਚ

## ਕਿਸ਼ਨ ਚੰਦ ਜਾਗੋਵਾਲੀਆ ਨੂੰ ਬਨਾਇਆ ਪ੍ਰਧਾਨ



ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਦੀ ਮੀਟਿੰਗ ਬਾਵਾ ਡੇਅਰੀ ਵਿਖੇ ਹੋਈ, ਜਿਸ ਵਿਚ ਸਰਵਸੰਮਤੀ ਨਾਲ ਕਿਸ਼ਨ ਚੰਦ ਜਾਗੋਵਾਲੀਆ ਨੂੰ ਸਰਵਸੰਮਤੀ ਨਾਲ ਪ੍ਰਧਾਨ ਬਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਡਾ: ਦੀਵਾਨ ਚੰਦ ਸੁਖੀਜਾ ਨੇ ਕਿਹਾ ਕਿ ਪਹਿਲਾਂ ਸਾਡੀ ਸੋਸਾਇਟੀ ਦੇ ਪ੍ਰਧਾਨ ਹਰਭਗਵਾਨ ਸਿੰਘ ਸੀ, ਜ਼ੋ ਕਿ ਅਕਾਲ ਚਲਾਣਾ ਕਰ ਗਏ ਸੀ ਅਤੇ ਪ੍ਰਧਾਨ ਦਾ ਔਹਦਾ ਖਾਲੀ ਸੀ, ਜਿਸ ਨੂੰ ਸਾਰੇ ਮੈਂਬਰ ਅਹੁਦੇਦਾਰਾਂ ਦੀ ਸਹਿਮਤੀ ਨਾਲ ਕਿਸ਼ਨ ਚੰਦ ਜਾਗੋਵਾਲੀਆ ਨੂੰ ਪ੍ਰਧਾਨ ਬਨਾਇਆ ਗਿਆ। ਇਸ ਮੌਕੇ ਤੇ ਨਵੇਂ ਬਣੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਨੇ ਕਿਹਾ ਕਿ ਜਿਹੜੀ ਜੁੰਮੇਵਾਰੀ ਆਪ ਜੀ ਨੇ ਮੇਰੇ ਤੇ ਵਿਸਵਾਸ਼ ਕਰਕੇ ਦਿੱਤੀ ਹੈ, ਮੈਂ ਇਹ ਜੁੰਮੇਵਾਰੀ ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਲੋਕ ਭਲਾਈ ਦੇ ਕੰਮਾਂ ਨੂੰ ਪੂਰੀ ਲਗਨ ਨਾਲ ਅਤੇ ਤਨਦੇਹੀ ਨਾਲ ਹੋਰ ਵੀ ਬੁਲੰਦੀਆਂ ਨਾਲ ਕਰਨ ਲਈ ਹਮੇਸ਼ਾ ਤਿਆਰ ਰਹਾਂਗਾ। ਇਸ ਮੌਕੇ ਤੇ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਪਰਵੀਨ ਧਵਨ ਜਨਰਲ ਸਕੱਤਰ, ਅਸ਼ੋਕ ਚੁੱਘ ਵਾਈਸ ਪ੍ਰਧਾਨ, ਰਮੇਸ਼ ਬਜਾਜ ਸੀਨੀਅਰ ਵਾਈਸ ਪ੍ਰਧਾਨ, ਰਾਮ ਕਿਸ਼ੋਰ ਕੋਆਰਡੀਨੇਟਰ, ਮੈਡਮ ਐਸ ਬਾਲਾ, ਬਲਕਾਰ ਸਿੰਘ ਮਾੜੀ ਮੇਘਾ, ਬਲਵੀਰ ਸਿੰਘ ਗੋਖੀਵਾਲਾ, ਵਿਜੇ ਕੁਮਾਰ ਜੁਆਇਟ ਸੈਕਟਰੀ, ਦੇਸ ਰਾਜ ਸ਼ਰਮਾ ਵਾਈਸ ਪ੍ਰਧਾਨ, ਸੁਭਾਸ਼ ਚੌਧਰੀ ਵਾਈਸ ਪ੍ਰਧਾਨ, ਅਵਿਨਾਸ਼ ਸਿੰਘ ਤਲਵਾੜ ਅਗਜਿਟਵ ਮੈਂਬਰ, ਮਨੋਹਰ ਲਾਲ ਪੱਤਰਕਾਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ। ਇਸ ਮੌਕੇ ਪਾਰਟੀ ਔਹਦੇਦਾਰਾਂ ਨੂੰ ਚਾਹ ਸਮੋਸੇ ਮਿਠਾਈ ਦੀ ਪਾਰਟੀ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਪ੍ਰਾਇਮਰੀ ਸਕੂਲ 'ਚ ਕਰਵਾਇਆ ਗਿਆ ਇਨਾਮ ਵੰਡ ਸਮਾਰੋਹ



ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :— ਅੱਜ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀਖ਼ਾਨਾ ਰੋਡ, ਬਲਾਕ ਫ਼ਿਰੋਜ਼ਪੁਰ—1 ਵਿਖੇ ਸਲ਼ਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਫ਼ਿਰੋਜ਼ਪੁਰ ਸ੍ਰੀਮਤੀ ਨੀਲਮ ਰਾਣੀ ਵੱਲੋਂ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਹਨਾਂ ਦੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ ਗਈ। ਇਸ ਮੌਕੇ ਸ਼੍ਰੀਮਤੀ ਨੀਲਮ ਰਾਣੀ ਜਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਮਿਲਦੀਆਂ ਸਹੂਲਤਾਂ ਬਾਰੇ ਵੀ ਦੱਸਿਆ ਗਿਆ।ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਨੂੰ ਉਤਸ਼ਾਹਿਤ ਕਰਦੇ ਹਨ। ਇਸ ਮੌਕੇ ਸ਼੍ਰੀ ਸ਼ੇਰਾ ਚੇਅਰਮੈਨ ਅਤੇ ਪੈਨਸ਼ਨਰਜ਼ ਯੂਨੀਅਨ ਫਿਰੋਜ਼ਪੁਰ ਦੇ ਅਹੁਦੇਦਾਰ, ਕੇ.ਕੇ ਜਾਡਿਕਾ, ਰਮੇਸ਼ ਕੁਮਾਰ, ਬਲਵਿੰਦਰਪਾਲ ਸ਼ਰਮਾ, ਨਛੱਤਰ ਸਿੰਘ, ਬ੍ਰਿਜ ਭੂਸ਼ਣ ਆਦਿ ਵੀ ਹਾਜ਼ਿਰ ਸਨ। ਉਨ੍ਹਾਂ ਵੱਲੋਂ ਖ਼ੁਸ਼ ਹੋ ਕੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੀ ਮੁੱਖ ਅਧਿਆਪਕਾ ਬਲਜਿੰਦਰ ਕੌਰ ਅਤੇ ਸਮੂਹ ਸਟਾਫ ਵੱਲੋ ਜ਼ਿਲ੍ਹਾ ਸਿਖਿਆ ਅਫਸਰ (ਐ.) ਫਿਰੋਜਪੁਰ ਨੀਲਮ ਰਾਣੀ ਅਤੇ ਪੈਨਸ਼ਨਰ ਯੂਨੀਅਨ ਦੇ ਆਏ ਮੈਬਰਾਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ 'ਸਰਬੱਤ ਦਾ ਭਲਾ' ਮੰਗਣ ਵਾਲੀ ਪੂਰੀ ਦੁਨੀਆਂ ਤੋਂ ਵੱਖਰੀ ਤੇ ਨਿਆਰੀ ਕੌਮ : ਗਿ. ਰਘਬੀਰ ਸਿੰਘ



ਅੰਮ੍ਰਿਤਸਰ, 30 ਮਾਰਚ (ਆਵਾਜ਼ਿ ਕੌਮ ਬਿਊਰੋ): ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਯੂ.ਕੇ. 'ਚ ਕੁਝ ਸਕੂਲਾਂ ਦੇ ਧਾਰਮਿਕ ਸਿੱਖਿਆ ਦੇ ਪਾਠਕ੍ਰਮ 'ਚ ਤਾਲਿਬਾਨ ਤੇ ਕੂ ਕਲੱਕਸ ਕਲੈਨ ਵਰਗੇ - ਕੱਟੜਵਾਦੀ ਸਮੂਹਾਂ ਦੇ ਨਾਲ ਸਿੱਖੀ ਸਰੂਪ ਵਾਲੀਆਂ ਤਸਵੀਰਾਂ ਲਾਏ ਜਾਣ ਦੀ ਘਟਨਾ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਆਖਿਆ ਕਿ ਸਿੱਖ 'ਸਰਬੱਤ ਦਾ ਭਲਾ' ਮੰਗਣ ਵਾਲੀ ਪੂਰੀ ਦੁਨੀਆ ਤੋਂ ਵੱਖਰੀ ਤੇ ਨਿਆਰੀ ਕੌਮ ਹਨ ਤੇ ਤਾਲਿਬਾਨ ਤੇ ਕੂ ਕਲੱਕਸ ਕਲੈਨ ਵਰਗੀਆਂ ਕੱਟੜਵਾਦੀ ਤਾਕਤਾਂ ਦੇ ਨਾਲ ਸਿੱਖਾਂ ਦਾ ਦੂਰ-ਦੂਰ ਤੱਕ ਵੀ ਗਈਆਂ ਹਨ। ਉਨ੍ਹਾਂ ਆਖਿਆ ਕਿ ਕੋਈ ਵਾਸਤਾ ਨਹੀਂ ਹੈ। ਸ੍ਰੀ ਅਕਾਲ ਬੇਸ਼ੱਕ ਯੂ.ਕੇ. ਦੇ ਸਿੱਖਾਂ ਵਲੋਂ ਵਿਰੋਧ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਜਤਾਏ ਜਾਣ ਤੋਂ ਬਾਅਦ 'ਓਏਸਿਸ ਕੀਤੇ ਬਿਆਨ 'ਚ ਗਿਆਨੀ ਰਘਬੀਰ ਕਮਿਊਨਿਟੀ ਲਰਨਿੰਗ ਮਲਟੀ ਅਕੈਡਮੀ ਸਿੰਘ ਨੇ ਆਖਿਆ ਯੂ.ਕੇ. ਦੇ ਸਕੂਲਾਂ ਟਰੱਸਟ ਵਲੋਂ ਆਪਣੀ ਗਲਤੀ ਲਈ ਦੇ ਪਾਠਕ੍ਰਮ ਵਿਚ ਸਿੱਖੀ ਸਰੂਪ ਨੂੰ ਮਾਫ਼ੀ ਮੰਗਦਿਆਂ ਇਤਰਾਜ਼ਯੋਗ ਤਰੀਕੇ 'ਤਾਲਿਬਾਨ ਦੇ ਨਾਲ ਜੋੜ ਕੇ ਵਿਖਾਏ । ਨਾਲ ਲਾਈ ਤਸਵੀਰ ਨੂੰ ਹਟਾਉਣ ਦਾ ਜਾਣ ਨਾਲ ਸਿੱਖ ਕੌਮ ਦੀਆਂ ਦਾਅਵਾ ਕੀਤਾ ਗਿਆ ਹੈ ਪਰ ਕਿਸੇ ਭਾਵਨਾਵਾਂ ਬੁਰੀ ਤਰ੍ਹਾਂ ਵਲੂੰਧਰੀਆਂ ਭੁਲੇਖੇ ਜਾਂ ਗ਼ਲਤੀ ਨਾਲ ਵੀ ਕਿਸੇ ਸਿੱਖ ਦੀ ਤਸਵੀਰ ਨੂੰ ਉਨ੍ਹਾਂ ਸਮੂਹਾਂ ਦੇ ਨਾਲ ਦਿਖਾਇਆ ਜਾਣਾ, ਜਿਨ੍ਹਾਂ ਨੂੰ ਅੱਤਵਾਦ ਤੇ ਕਤਲੇਆਮ ਵਰਗੇ ਵਰਤਾਰਿਆਂ ਵਜੋਂ ਪ੍ਰਭਾਸ਼ਿਤ ਕੀਤਾ ਜਾਂਦਾ ਹੈ, ਸਿਰਫ ਬੇਬੁਨਿਆਦ ਕਾਰਵਾਈ ਹੀ ਨਹੀਂ, ਬਲਕਿ ਇਹ ਸਿੱਖ ਵਿਰੋਧੀ ਕੱਟੜਤਾ ਦਾ ਖ਼ਤਰਨਾਕ ਰੂਪ ਹੈ, ਜੋ ਵਿਸ਼ਵ-ਵਿਆਪੀ ਸਿੱਖ ਕੌਮ ਦੇ ਭਵਿੱਖ 'ਤੇ ਦੂਰਗਾਮੀ ਮਾੜੇ ਪ੍ਰਭਾਵ ਪਾਉਂਦੀ ਹੈ। ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਆਦੇਸ਼ ਕੀਤਾ ਹੈ ਕਿ ਉਹ ਭਾਰਤ ਸਥਿਤ ਯੂ.ਕੇ. ਦੂਤਾਵਾਸ ਤੇ ਭਾਰਤੀ ਵਿਦੇਸ਼ ਮੰਤਰਾਲੇ ਰਾਹੀਂ ਯੂ.ਕੇ . ਸਰਕਾਰ ਨਾਲ ਸੰਪਰਕ ਕਰਕੇ ਉਸ ਤੱਕ ਸਿੱਖ ਭਾਵਨਾਵਾਂ ਪਹੁੰਚਾਵੇ ਤਾਂ ਜੋ ਭਵਿੱਖ 'ਚ ਕਿਸੇ ਵੀ ਰੂਪ 'ਚ ਸਿੱਖਾਂ ਨੂੰ ਕਿਸੇ ਵੀ ਇਹੋ ਜਿਹੀ ਕਾਰਵਾਈ ਦੇ ਨਾਲ ਨਾ ਜੋੜਿਆ ਜਾਵੇ, ਜਿਸ ਦੇ ਨਾਲ ਸਿੱਖਾਂ ਦੇ ਜੀਣ-ਥੀਣ, ਉਨ੍ਹਾਂ ਦੇ ਰਹਿਣ-ਸਹਿਣ ਤੇ ਵਿਚਾਰਧਾਰਾ ਪ੍ਰਤੀ ਵੱਡੇ ਭੁਲੇਖੇ ਖੜ੍ਹੇ ਹੋਣ ਦਾ ਖ਼ਦਸ਼ਾ ਪੈਦਾ ਹੁੰਦਾ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਟੀ.ਬੀ.ਐਸ ਸਕੂਲ ਵਿਚ ਹੋਈ ਪੀ.ਟੀ.ਐਮ

ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :— ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਪੇਰੇਂਟਸ—ਟੀਚਰ ਮੀਟਿੰਗ (ਪੀ.ਟੀ.ਐਮ) ਅਯੋਜਨ ਚੈਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਨਿਰਦੇਸ਼ਾਂ ਹੇਠ ਕੀਤਾ ਗਿਆ। ਇਸ ਪੀ.ਟੀ.ਐਮ. ਵਿੱਚ ਪਹੁੰਚੇ ਮਾਤਾ—ਪਿਤਾ ਦਾ ਸਕੂਲ ਪਹੁੰਚਣ ਤੇ ਸਕੂਲ ਪ੍ਰਬੰਧਕਾਂ ਦੁਆਰਾ ਸਵਾਗਤ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਪੀ.ਟੀ.ਐਮ ਦਾ ਉਦੇਸ਼ (ਟਰਮ—2) ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਤੋਂ ਮਾਤਾ—ਪਿਤਾ ਨੂੰ ਜਾਣੂ ਕਰਵਾਉਣਾ ਹੈ। ਵਿਦਿਆਰਥੀਆਂ ਦੇ ਅੰਕ ਪੱਤਰ ਪ੍ਰਦਰਸ਼ਿਤ ਕਰਕੇ ਮਾਪਿਆਂ ਨੂੰ ਉਹਨਾਂ ਦੇ ਇਮਤਿਹਾਨ ਦੇ ਨਤੀਜੇ ਨੂੰ ਜਾਣੂ ਕਰਵਇਆ ਗਿਆ ।ਇਸ ਪੜ੍ਹਾਈ ਵਿੱਚ ਉੱਚ ਸਥਾਨ ਅਤੇ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ਾਨਦਾਰ ਬੈਚ ਦੇ ਨਾਲ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਅਤੇ ਮਾਪਿਆਂ ਲਈ ਬਹੁਤ ਖ਼ੁਸ਼ੀ ਅਤੇ ਮਾਣ ਦਾ ਸਮਾਂ ਸੀ। ਵਿਦਿਆਰਥੀਆਂ ਨੇ ਭਵਿੱਖ ਵਿੱਚ ਵੀ ਚੰਗੇ ਨਤੀਜਿਆਂ ਲਈ ਵਚਨ ਲਿਆ। ਉਨ੍ਹਾਂ ਨੇ ਅਧਿਆਪਕਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੇ ਚੰਗੇ ਨਤੀਜੇ ਨਿਕਲਣ ਦੇ ਪਿੱਛੇ ਅਧਿਆਪਕਾਂ ਦਾ ਵੀ ਬਹੁਤ ਵੱਡਾ ਯੋਗਦਾਨ ਰਿਹਾ ਹੈ, ਜਿਸ ਨਾਲ ਵਿਦਿਆਰਥੀਆਂ ਦੇ ਚੰਗੇ ਨਤੀਜੇ ਨਿਕਲੇ ਹਨ, ਅੱਜ ਉਨ੍ਹਾਂ ਦੀ ਮਿਹਨਤ ਵੀ ਸਫ਼ਲ ਰਹੀ। ਉਨ੍ਹਾਂ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਸ਼ੁਭਕਾਮਨਾਵਾਂ ਦਿੱਤੀਆਂ।